ਪੜ੍ਹੋ ਭਾਰਤ ਦੀ ਹਰ ਖ਼ਬਰ ਸੱਚ ਦੇ ਨਾਲ



ਮਨਦੀਪ ਕੌਰ (ਡਾਇਰੈਕਟਰ)

# ਸਭ ਤੋਂ ਫਾਸਟ ਆਹਮੋ-ਸਾਹਮਣੇ

SABSE FAST AAMNE SAAMNE

Rni No Punpun 2015/60599

8 - 14 September 2025



ਸੋਨੂ ਸਮਿਆਲ (ਉਪ-ਸੰਪਾਦਕ)

ਸਾਲ 2025 / ਸੰਪਾਦਕ : ਐੱਸ. ਕੇ. ਸਕਸੈਨਾ / ਈ-ਮੇਲ : editoraamnesaamne@gmail.com/ ਮੋਬਾਈਲ : 9878552070, 9780802013

## ਭਾਰਤੀ ਫੌਜ ਦੀ ਥਾਂ ਪਾਕਿ ਵੱਲੋਂ ਤਿਆਰ ਦਹਿਸ਼ਤਗਰਦਾਂ ਦੀ ਪਿੱਠ 'ਤੇ ਖੜ੍ਹੀ ਹੈ ਕਾਂਗਰਸ : ਮੋਦੀ

### ਅਸਾਮ ਦੇ ਦਰਾਂਗ ਜ਼ਿਲ੍ਹੇ ਦੇ ਮੰਗਲਦੋਈ ਵਿੱਚ ਇੱਕ ਸਮਾਗਮ ਨੂੰ ਸੰਬੋਧਨ ਕਰਦੇ ਹੋਏ

ਮੰਗਲਦੋਈ (ਏਜੰਸੀ)-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਨੂੰ ਦੋਸ਼ ਲਗਾਇਆ ਕਿ ਕਾਂਗਰਸ ਭਾਰਤੀ ਫੌਜ ਦੀ ਹਮਾਇਤ ਕਰਨ ਦੀ ਬਜਾਏ ਪਾਕਿਸਤਾਨ ਵੱਲੋਂ ਤਿਆਰ ਕੀਤੇ ਗਏ ਦਹਿਸ਼ਤਗਰਦਾਂ ਦੀ ਪਿੱਠ 'ਤੇ ਖੜ੍ਹੀ ਹੈ। ਅਸਾਮ ਦੇ ਦਰਾਂਗ ਜ਼ਿਲ੍ਹੇ ਦੇ ਮੰਗਲਦੋਈ ਵਿੱਚ ਇੱਕ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਉਨ੍ਹਾਂ ਨੇ ਦੇਸ਼ ਦੀ ਵੱਡੀ ਪੁਰਾਣੀ ਪਾਰਟੀ 'ਤੇ ਘੁਸਪੈਠੀਆਂ ਅਤੇ ਦੇਸ਼ ਵਿਰੋਧੀ ਤਾਕਤਾਂ ਨੂੰ ਬਚਾਉਣ ਦਾ ਦੋਸ਼ ਲਗਾਇਆ। ਪ੍ਰਧਾਨ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਭਾਜਪਾ ਘੁਸਪੈਠੀਆਂ ਨੂੰ ਜ਼ਮੀਨ ਹੜੱਪਣ ਅਤੇ ਜਨਸੰਖਿਆ ਨੂੰ ਬਦਲਣ ਦੀ ਉਨ੍ਹਾਂ ਦੀ ਸਾਜ਼ਿਸ਼ ਦੀ ਇਜਾਜ਼ਤ ਨਹੀਂ ਦੇਵੇਗੀ।



ਪ੍ਰਧਾਨ ਮੰਤਰੀ ਨੇ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਦੋਸ਼ ਲਗਾਇਆ, "ਕਾਂਗਰਸ ਭਾਰਤੀ ਫੌਜ ਦਾ ਸਮਰਥਨ ਕਰਨ ਦੀ ਬਜਾਏ, ਪਾਕਿਸਤਾਨ ਵੱਲੋਂ ਤਿਆਰ ਕੀਤੇ ਗਏ ਅਤਿਵਾਦੀਆਂ ਦੀ ਹਮਾਇਤ ਵਿਚ ਖੜ੍ਹੀ ਹੈ। ਇਹ ਘੁਸਪੈਠੀਆਂ ਅਤੇ ਦੇਸ਼ ਵਿਰੋਧੀ ਤਾਕਤਾਂ ਦੀ ਰੱਖਿਆ ਕਰਦੀ ਹੈ।" ਸ੍ਰੀ ਮੋਦੀ ਨੇ ਇਹ ਵੀ ਦਾਅਵਾ ਕੀਤਾ ਕਿ ਕਾਂਗਰਸ ਨੇ ਦਹਾਕਿਆਂ ਤੱਕ ਅਸਾਮ 'ਤੇ ਰਾਜ ਕੀਤਾ, ਪਰ ਬ੍ਰਹਮਪੁੱਤਰ ਨਦੀ 'ਤੇ 'ਸਿਰਫ ਤਿੰਨ ਪੁਲ' ਬਣਾਏ, ਜਦੋਂ ਕਿ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਨੇ ਪਿਛਲੇ 10 ਸਾਲਾਂ ਵਿੱਚ ਛੇ ਅਜਿਹੇ ਢਾਂਚੇ ਬਣਾਏ ਹਨ। ਉਨ੍ਹਾਂ ਅਸਾਮ ਦੇ ਮੁੱਖ ਮੰਤਰੀ ਹਿਮੰਤ ਬਿਸਵਾ ਸਰਮਾ ਦੀ ਵੀ ਪ੍ਰਸ਼ੰਸਾ ਕੀਤੀ ਕਿ 'ਘੁਸਪੈਠੀਆਂ ਨੂੰ ਕਬਜ਼ੇ ਵਾਲੀ ਜ਼ਮੀਨ ਤੋਂ ਬੇਦਖਲ ਕੀਤਾ ਗਿਆ ਹੈ ਅਤੇ ਇਹ ਯਕੀਨੀ ਬਣਾਇਆ ਗਿਆ ਹੈ ਕਿ ਕਿਸਾਨ ਹੁਣ ਇਨ੍ਹਾਂ ਪਲਾਟਾਂ 'ਤੇ ਖੇਤੀ ਕਰ ਸਕਣ।' ਪ੍ਰਧਾਨ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਭਾਰਤ ਦੁਨੀਆ ਦੀਆਂ ਸਭ ਤੋਂ ਤੇਜ਼ੀ ਨਾਲ ਵਧ ਰਹੇ ਅਰਥਚਾਰਿਆਂ ਵਿੱਚੋਂ ਇੱਕ ਵਜੋਂ ਉੱਭਰ ਰਿਹਾ ਹੈ। ਉਨ੍ਹਾਂ ਕਿਹਾ ਕਿ ਅਸਾਮ ਦੀ ਵਿਕਾਸ ਦਰ 13 ਫੀਸਦ ਹੈ। ਪ੍ਰਧਾਨ ਮੰਤਰੀ ਨੇ ਕਿਹਾ, "ਇਹ ਡਬਲ-ਇੰਜਣ ਸਰਕਾਰ ਦੇ ਯਤਨਾਂ ਕਾਰਨ ਸੰਭਵ ਹੋਇਆ ਹੈ। ਕੇਂਦਰ ਅਤੇ ਰਾਜ ਸਰਕਾਰ ਅਸਾਮ ਨੂੰ ਇੱਕ ਸਿਹਤ ਕੇਂਦਰ ਵਜੋਂ ਵਿਕਸਤ ਕਰ ਰਹੀ ਹੈ। 'ਵਿਕਸਤ ਭਾਰਤ' ਦੇ ਸੁਪਨੇ ਨੂੰ ਪ੍ਰਾਪਤ ਕਰਨ ਵਿੱਚ ਉੱਤਰ-ਪੂਰਬ ਦੀ ਵੱਡੀ ਭੂਮਿਕਾ ਹੈ।"

## ਪੰਜਾਬ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਪਿੰਡਾਂ ਦੀ ਸਫਾਈ ਲਈ 100 ਕਰੋੜ ਰੁਪਏ ਰੱਖੇ

### ਹਰ ਪਿੰਡ ਨੂੰ ਸਾਫ-ਸਫਾਈ ਲਈ ਮੁੱਢਲੇ ਤੌਰ 'ਤੇ ਇੱਕ-ਇੱਕ ਲੱਖ ਰੁਪਏ ਦੇਣ ਦਾ ਕੀਤਾ ਫੈਸਲਾ

ਚੰਡੀਗੜ੍ਹ (ਪੰਕਜ)-ਪੰਜਾਬ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚੋਂ ਹੜ੍ਹਾਂ ਦਾ ਪਾਣੀ ਉੱਤਰਣ ਤੋਂ ਬਾਅਦ ਜਨ-ਜੀਵਨ ਨੂੰ ਲੀਹ 'ਤੇ ਲਿਆਉਣ ਲਈ ਹੜ੍ਹਾਂ ਕਰਕੇ ਆਈ ਮਿੱਟੀ ਤੇ ਸਿਲਟ ਨੂੰ ਹਟਾਉਣ ਲਈ ਸਫਾਈ ਮੁਹਿੰਮ ਦੀ ਸ਼ੁਰੂਆਤ ਕਰ ਦਿੱਤੀ ਹੈ। ਪੰਜਾਬ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਦੀ ਸਫਾਈ ਲਈ 100 ਕਰੋੜ ਰੁਪਏ ਰੱਖੇ ਹਨ, ਜਿਸ ਨਾਲ 2300 ਦੇ ਕਰੀਬ ਪਿੰਡਾਂ ਤੇ ਹੋਰ ਇਲਾਕਿਆਂ ਦੀ ਸਫਾਈ ਕੀਤੀ ਜਾਵੇਗੀ। ਇਸ ਗੱਲ ਦਾ ਪ੍ਰਗਟਾਵਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਚੰਡੀਗੜ੍ਹ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰੇਕ ਪਿੰਡ ਨੂੰ ਮੁੱਢਲੇ ਤੌਰ 'ਤੇ ਸਫਾਈ ਲਈ ਇਕ-ਇਕ ਲੱਖ ਰੁਪਏ ਦਿੱਤੇ ਜਾਣਗੇ, ਜਿਸ ਨਾਲ 24-25 ਸਤੰਬਰ ਤੱਕ ਪਿੰਡਾਂ ਦੀ ਸਫਾਈ ਯਕੀਨੀ ਤੌਰ 'ਤੇ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪਿੰਡਾਂ ਦੀ ਸਫਾਈ ਲਈ ਜੇਸੀਬੀ ਅਤੇ ਟਰੈਕਟਰ ਟਰਾਲੀ ਅਤੇ ਲੇਬਰ ਦਾ ਪ੍ਰਬੰਧ ਵੀ ਸੂਬਾ ਸਰਕਾਰ ਵੱਲੋਂ ਕਰਕੇ ਦਿੱਤਾ ਜਾਵੇਗਾ। ਇਸ ਦੇ ਨਾਲ ਹੀ 15 ਅਕਤੂਬਰ ਤੱਕ ਪਿੰਡਾਂ ਦੀਆਂ ਸਾਂਝੀਆਂ ਥਾਵਾਂ



ਧਰਮਸ਼ਾਲਾ ਤੇ ਹੋਰਨਾਂ ਨੂੰ ਸਾਫ ਕੀਤਾ ਜਾਵੇਗਾ, ਜਦੋਂ ਕਿ 22 ਅਕਤੂਬਰ ਤੱਕ ਸੂਬੇ ਦੇ ਛੱਪੜਾਂ ਦੀ ਸਫਾਈ ਦਾ ਕਾਰਜ ਨੇਪਰੇ ਚਾੜ੍ਹਿਆ ਜਾਵੇਗਾ। ਮੁੱਖ ਮੰਤਰੀ ਨੇ ਹੜ੍ਹ ਪ੍ਰਭਾਵਿਤ ਇਲਾਕਿਆ ਦੀ ਸਫਾਈ ਲਈ ਸਮਾਜ ਸੇਵੀ ਜਥੇਬੰਦੀਆਂ ਨੂੰ ਅੱਗੇ ਆਉਣ



ਦਾ ਸੱਦਾ ਦਿੱਤਾ। ਮੁੱਖ ਮੰਤਰੀ ਨੇ ਕਿਹਾ ਕਿ ਹੜ੍ਹਾਂ ਕਰਕੇ ਪਿੰਡਾਂ ਵਿੱਚ ਬਿਮਾਰੀਆਂ ਫੈਲ੍ਹ ਜਾਣ ਦਾ ਖਦਸ਼ਾ ਹੈ। ਇਸ ਲਈ ਸਾਰੇ ਪਿੰਡਾਂ ਵਿੱਚ ਮੈਡੀਕਲ ਕੈਂਪ ਲਗਾਏ ਜਾਣਗੇ, ਜਿੱਥੇ ਲੋਕਾਂ ਦੀ ਸਿਹਤ ਦੀ ਜਾਂਚ ਕੀਤੀ ਜਾਵੇਗੀ ਅਤੇ ਲੋੜੀਂਦੀ ਦਵਾਈਆਂ ਵੀ ਮੁਫ਼ਤ ਵਿੱਚ ਮੁਹੱਈਆ ਕਰਵਾਈ ਜਾਣਗੀਆਂ। ਇਸ ਦੌਰਾਨ 550 ਐਂਬੂਲੈਂਸਾਂ ਨੂੰ ਵੀ ਤਾਇਨਾਤ ਕੀਤਾ ਜਾਵੇਗਾ। ਭਗਵੰਤ ਮਾਨ ਨੇ ਕਿਹਾ ਕਿ ਹੜ੍ਹਾਂ ਕਰਕੇ ਸੂਬੇ ਦੇ 713 ਪਿੰਡਾਂ ਵਿੱਚ ਕਰੀਬ ਢਾਈ ਲੱਖ ਦੇ ਕਰੀਬ ਪਸ਼ੂ ਪ੍ਰਭਾਵਿਤ ਹੋਏ ਹਨ, ਜਿਨ੍ਹਾਂ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਮੁਹਿੰਮ ਸ਼ੁਰੂ ਕੀਤੀ ਜਾ ਰਹੀ ਹੈ। ਹਰੇਕ ਪਿੰਡ ਵਿੱਚ ਵੈਟਨਰੀ ਡਾਕਟਰਾਂ ਦੀ ਟੀਮ ਤਾਇਨਾਤ ਕੀਤੀ ਹੈ। ਵੈਟਨਰੀ ਡਾਕਟਰਾਂ ਵੱਲੋਂ ਸਾਰੇ ਪਸ਼ੂਆਂ ਦੀ ਵੈਕਸੀਨੇਸ਼ਨ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ 16 ਸਤੰਬਰ ਤੋਂ ਝੋਨੇ ਦੀ ਫ਼ਸਲ ਦੀ ਖਰੀਦ ਦਾ ਕਾਰਜ ਸ਼ੁਰੂ ਕਰ ਦਿੱਤਾ ਜਾਵੇਗਾ। ਹਾਲਾਂਕਿ ਅੰਮ੍ਰਿਤਸਰ ਵਾਲੇ ਖੇਤਰ ਵਿੱਚ ਮੰਡੀਆਂ ਵਿੱਚ ਝੋਨਾ ਆਉਣਾ ਸ਼ੁਰੂ ਹੋ ਗਿਆ ਹੈ, ਜਿਸ ਨੂੰ ਪ੍ਰਾਈਵੇਟ ਖਰੀਦਦਾਰਾਂ ਵੱਲੋਂ ਖਰੀਦਿਆ ਜਾ ਰਿਹਾ ਹੈ। ਪਰ ਸਰਕਾਰੀ ਖਰੀਦ 16 ਸਤੰਬਰ ਤੋਂ ਸ਼ੁਰੂ ਹੋਵੇਗੀ। ਉਨ੍ਹਾਂ ਕਿਹਾ ਕਿ ਸੂਬੇ ਦੀਆਂ ਕੁਝ ਮੰਡੀਆਂ ਹੜ੍ਹਾਂ ਕਰਕੇ ਪ੍ਰਭਾਵਿਤ ਹੋਈਆਂ ਹਨ, ਉਨ੍ਹਾਂ ਨੂੰ ਵੀ 19 ਸਤੰਬਰ ਤੱਕ ਠੀਕ ਕਰ ਦਿੱਤਾ ਜਾਵੇਗਾ।

## ਉਸਮਾਂ ਕੁੱਟਮਾਰ ਮਾਮਲੇ 'ਚ ਵਿਧਾਇਕ ਲਾਲਪੁਰਾ ਨੂੰ ਚਾਰ ਸਾਲ ਦੀ ਕੈਦ



ਤਰਤਾਰਨ (ਏਜੰਸੀ)-ਤਰਨ ਤਾਰਨ ਦੇ ਵਧੀਕ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਪ੍ਰੇਮ ਕੁਮਾਰ ਨੇ ਅੱਜ ਇੱਥੇ 12 ਸਾਲ ਪੁਰਾਣੇ ਉਸਮਾਂ ਕੁੱਟਮਾਰ ਮਾਮਲੇ ਵਿੱਚ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਤੋਂ 'ਆਪ' ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਸਮੇਤ ਅੱਠ ਜਣਿਆਂ ਨੂੰ ਐੱਸ ਸੀ/ਐੱਸ ਟੀ ਐਕਟ ਤਹਿਤ ਚਾਰ-ਚਾਰ ਸਾਲ ਦੀ ਕੈਦ ਤੋਂ ਇਲਾਵਾ ਧਾਰਾ 323, 354, 306, 148 ਅਤੇ 149 ਤਹਿਤ ਇੱਕ-ਇੱਕ ਸਾਲ ਕੈਦ ਦੀ ਸਜ਼ਾ ਸੁਣਾਈ ਹੈ। ਇਸ ਤੋਂ ਇਲਾਵਾ ਇਨ੍ਹਾਂ ਨੂੰ 50-50 ਹਜ਼ਾਰ ਰੁਪਏ ਦਾ ਜੁਰਮਾਨਾ ਵੀ ਲਾਇਆ ਗਿਆ ਹੈ। ਅਦਾਲਤ ਨੇ ਇਨ੍ਹਾਂ ਨੂੰ ਬੁੱਧਵਾਰ ਨੂੰ ਦੋਸ਼ੀ ਕਰਾਰ ਦਿੱਤਾ ਸੀ। ਪੀੜਤਾ ਨੇ ਅਦਾਲਤ ਦੇ ਫ਼ੈਸਲੇ ਦਾ ਸਵਾਗਤ ਕਰਦਿਆਂ ਉੱਚ ਵਰਗਾਂ ਦੇ ਲੋਕਾਂ ਨੂੰ ਗਰੀਬ ਵਰਗਾਂ ਦੇ ਲੋਕਾਂ ਨਾਲ ਨਫਰਤ ਦੀ ਸੋਚ ਦਾ ਤਿਆਗ ਕਰਨ ਦੀ ਅਪੀਲ ਕੀਤੀ ਹੈ

## ਹੜ੍ਹ ਰਾਹਤ ਕਾਰਜਾਂ 'ਤੇ ਜਥੇਦਾਰ ਗੜਗੱਜ ਵੱਲੋਂ ਸਮਾਜ ਸੇਵੀ ਜਥੇਬੰਦੀਆਂ ਨਾਲ ਮੀਟਿੰਗ

### ਰਾਹਤ ਕਾਰਜ ਇਕ ਝੰਡੇ ਹੇਠ ਚਲਾਉਣ ਲਈ ਵੈੱਬਸਾਈਟ 'ਸਰਕਾਰ ਖਾਲਸਾ. ਓਆਰਜੀ' ਸ਼ੁਰੂ ਕਰਨ ਦਾ ਫ਼ੈਸਲਾ

ਅੰਮ੍ਰਿਤਸਰ (ਮਨਦੀਪ ਕੌਰ)- ਪੰਜਾਬ 'ਚ ਹੜ੍ਹ ਪੀੜਤਾਂ ਲਈ ਸਮਾਜ ਸੇਵੀ ਜਥੇਬੰਦੀਆਂ ਵੱਲੋਂ ਕੀਤੇ ਜਾ ਰਹੇ ਰਾਹਤ ਕਾਰਜਾਂ ਨੂੰ ਹੋਰ ਵੀ ਸਹੀ ਢੰਗ ਨਾਲ ਚਲਾਉਣ ਲਈ ਅਕਾਲ ਤਖਤ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਮੀਟਿੰਗ ਕੀਤੀ। ਵੱਖ-ਵੱਖ ਸਮਾਜ ਸੇਵੀ ਜਥੇਬੰਦੀਆਂ ਦੇ ਨੁਮਾਇੰਦਿਆਂ ਨਾਲ ਹੋਈ ਮੀਟਿੰਗ ਵਿੱਚ ਰਾਹਤ ਕਾਰਜਾਂ ਨੂੰ ਇੱਕ ਝੰਡੇ ਹੇਠ ਚਲਾਉਣ ਲਈ ਵੈੱਬਸਾਈਟ ਸ਼ੁਰੂ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਮਗਰੋਂ ਜਥੇਦਾਰ ਗੜਗੱਜ ਨੇ ਦੱਸਿਆ ਵੈੱਬਸਾਈਟ ਸੋਮਵਾਰ ਤਕ ਜਾਰੀ ਕਰ ਦਿੱਤੀ ਜਾਵੇਗੀ। ਇਹ ਵੈੱਬਸਾਈਟ 'ਸਰਕਾਰ ਖਾਲਸਾ ਡੌਟ ਓ ਆਰ ਜੀ' ਨਾਂ ਦੀ ਹੋਵੇਗੀ ਜਿਸ ਤਹਿਤ ਸੇਵਾ ਕਾਰਜਾਂ ਵਿੱਚ ਸ਼ਾਮਲ ਸਮੂਹ ਸੰਸਥਾਵਾਂ ਨੂੰ ਆਪਣੇ ਆਪ ਨੂੰ ਅਕਾਲ ਤਖਤ ਕੋਲ ਰਜਿਸਟਰ ਕਰਨਾ ਹੋਵੇਗਾ। ਜਥੇਦਾਰ ਨੇ ਕਿਹਾ ਕਿ ਜੋ ਸੰਸਥਾਵਾਂ ਇਕੱਠੇ ਹੋ ਕੇ ਕੰਮ ਕਰਨਾ ਚਾਹੁੰਦੀਆਂ ਹਨ, ਉਹ ਆਪਣੀ ਜਾਣਕਾਰੀ ਅਕਾਲ ਤਖਤ ਨੂੰ ਦੇਣ। ਇਸ



ਵੈੱਬਸਾਈਟ ਦਾ ਸਮੁੱਚਾ ਪ੍ਰਬੰਧ ਅਕਾਲ ਤਖਤ ਦੇ ਕੋਲ ਹੋਵੇਗਾ। ਮੰਗਲਵਾਰ ਤਕ ਕਿਸ ਸਬੰਧੀ ਇਕ ਕੰਟਰੋਲ ਰੂਮ ਸਥਾਪਿਤ ਕੀਤਾ ਜਾਵੇਗਾ। ਉਨ੍ਹਾਂ ਸਮਾਜ ਸੇਵੀ ਜਥੇਬੰਦੀਆਂ ਨੂੰ ਆਪਣੇ ਦੋ-ਦੋ ਵਾਲੰਟੀਅਰਾਂ ਵੱਲੋਂ ਅਕਾਲ ਤਖਤ ਨਾਲ ਰਾਬਤਾ ਰੱਖਣ ਲਈ ਕਿਹਾ। ਸਰਕਾਰਾਂ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਵਾਸਤੇ ਐਲਾਨੇ ਗਏ ਮੁਆਵਜ਼ੇ ਨੂੰ ਬਹੁਤ ਘੱਟ ਦੱਸਦਿਆਂ ਜਥੇਦਾਰ ਨੇ ਕਿਹਾ ਕਿ ਇਸ ਨੂੰ ਵਧਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸੇਵਾ ਕਰਦੇ ਹੋਏ ਜਿਨ੍ਹਾਂ ਸਮਾਜ ਸੇਵੀਆਂ ਦੀ ਜਾਨ ਗਈ ਹੈ ਉਨ੍ਹਾਂ ਨੂੰ ਵੀ ਮੁਆਵਜ਼ਾ ਦਿੱਤਾ ਜਾਣਾ ਚਾਹੀਦਾ ਹੈ।

## ਗੈਰਕਾਨੂੰਨੀ ਸੱਟੇਬਾਜ਼ੀ ਐਪ ਮਾਮਲਾ: ਈਡੀ ਵੱਲੋਂ ਮਿਮੀ ਚੱਕਰਵਰਤੀ ਅਤੇ ਉਰਵਸ਼ੀ ਰੌਤੇਲਾ ਤਲਬ

ਮੁੰਬਈ (ਏੌਜਸੀ)-ਐਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਗੈਰ-ਕਾਨੂੰਨੀ ਸੱਟੇਬਾਜ਼ੀ ਐਪ ਦੇ ਮਾਮਲੇ 'ਤੇ ਬੰਗਾਲੀ ਅਦਾਕਾਰਾ ਅਤੇ ਸਾਬਕਾ ਸੰਸਦ ਮੈਂਬਰ ਮਿਮੀ ਚੱਕਰਵਰਤੀ ਅਤੇ ਅਦਾਕਾਰਾ ਉਰਵਸ਼ੀ ਰੌਤੇਲਾ ਖ਼?ਲਾਫ਼ ਕਾਰਵਾਈ ਸ਼ੁਰੂ ਕਰਦਿਆਂ ਤਲਬ ਕੀਤਾ ਹੈ। ਈਡੀ ਨੇ ਮਿਮੀ ਚੱਕਰਵਰਤੀ ਨੂੰ 15 ਅਤੇ ਉਰਵਸ਼ੀ ਰੌਤੇਲਾ ਨੂੰ 16 ਸਤੰਬਰ ਨੂੰ ਤਲਬ ਕੀਤਾ ਹੈ। ਇਨ੍ਹਾਂ ਦੋਵਾਂ ਨੂੰ ਦਿੱਲੀ ਹੈੱਡਕੁਆਰਟਰ ਪੇਸ਼ ਹੋਣ ਲਈ ਕਿਹਾ ਗਿਆ ਹੈ। ਉਰਵਸ਼ੀ ਤੋਂ ਪਹਿਲਾਂ ਹੀ ਪੁੱਛਗਿੱਛ ਕੀਤੀ ਗਈ ਸੀ ਤੇ ਇਸ ਜਾਂਚ ਦਾ ਦਾਇਰਾ ਵਧਾ ਦਿੱਤਾ ਗਿਆ ਹੈ। ਇਸ ਈਡੀ ਜਾਂਚ ਦੇ ਦਾਇਰੇ ਵਿਚ ਸ਼ਾਮਿਲ ਕੀਤਾ ਗਿਆ ਸੀ, ਪਰ ਹੁਣ ਇਸ ਨੂੰ ਹੋਰ ਵਧਾ ਦਿੱਤਾ ਗਿਆ ਹੈ। ਇਹ ਸੰਮਨ ਕੁਝ ਦਿਨ ਪਹਿਲਾਂ ਸਾਬਕਾ ਕ੍ਰਿਕਟਰਾਂ ਸ਼ਿਖਰ ਧਵਨ ਅਤੇ



ਸੁਰੇਸ਼ ਰੈਨਾ ਤੋਂ ਵੀ ਐਪ ਨਾਲ ਜੁੜੇ ਪ੍ਰਚਾਰਕ ਇਕਰਾਰਨਾਮਿਆਂ ਅਤੇ ਵਿੱਤੀ ਲੈਣ-ਦੇਣ ਦੇ ਮਾਮਲੇ ਵਿੱਚ ਪੁੱਛਗਿੱਛ ਕੀਤੇ ਜਾਣ ਤੋਂ ਬਾਅਦ ਕੀਤੇ ਗਏ ਹਨ। ਈਡੀ ਦੇ ਦੋਸ਼ ਹਨ ਕਿ AxBet ਭਾਰਤ ਵਿੱਚ ਗੈਰ-ਕਾਨੂੰਨੀ ਕੰਮ ਕਰਦਾ ਹੈ।

## ਅੰਮ੍ਰਿਤਸਰ ਮੰਦਰ 'ਤੇ ਗ੍ਰਨੇਡ ਹਮਲਾ ਮਾਮਲੇ 'ਚ ਐੱਨਆਈਏ ਵੱਲੋਂ ਤਿੰਨ ਖਿਲਾਫ਼ ਚਾਰਜਸ਼ੀਟ ਦਾਖਲ

### 15 ਮਾਰਚ ਦੇ ਹਮਲੇ ਦੀ ਸਾਜ਼ਿਸ਼ 'ਚ ਕਾਰਵਾਈ



ਅੰਮ੍ਰਿਤਸਰ (ਪੰਕਜ)—ਕੌਮੀ ਜਾਂਚ ਏਜੰਸੀ (ਐਨਆਈਏ) ਨੇ ਇਸ ਸਾਲ ਦੇ ਸ਼ੁਰੂ ਵਿੱਚ ਅੰਮ੍ਰਿਤਸਰ ਦੇ ਛੇਹਰਟਾ ਵਿੱਚ ਠਾਕੁਰਦੁਆਰਾ ਸਨਾਤਨ ਮੰਦਰ 'ਤੇ ਹੋਏ ਗ੍ਰਨੇਡ ਹਮਲੇ ਦੇ ਸਬੰਧ ਵਿੱਚ ਤਿੰਨ ਵਿਅਕਤੀਆਂ ਵਿਰੁੱਧ ਚਾਰਜਸ਼ੀਟ ਦਾਇਰ ਕੀਤੀ ਹੈ। ਏਜੰਸੀ ਦੇ ਇੱਕ ਸੀਨੀਅਰ ਅਧਿਕਾਰੀ ਨੇ ਐਤਵਾਰ ਨੂੰ ਦੱਸਿਆ ਕਿ ਮੁਹਾਲੀ ਦੀ ਵਿਸ਼ੇਸ਼ ਐੱਨਆਈਏ ਅਦਾਲਤ ਵਿੱਚ ਪੇਸ਼ ਕੀਤੀ ਗਈ ਆਪਣੀ ਚਾਰਜਸ਼ੀਟ ਵਿੱਚ ਵਿਸ਼ਾਲ ਗਿੱਲ ਉਰਫ਼ ਚੂਚੀ, ਭਗਵੰਤ ਸਿੰਘ ਉਰਫ਼ ਮੰਨਾ ਭੱਟੀ ਅਤੇ ਦੀਵਾਨ ਸਿੰਘ ਉਰਫ਼ ਸੰਨੀ ਨੂੰ 15 ਮਾਰਚ ਦੇ ਹਮਲੇ ਦੀ ਸਾਜ਼ਿਸ਼ ਅਤੇ ਅੰਜਾਮ ਦੇਣ ਵਿੱਚ ਉਨ੍ਹਾਂ ਦੀਆਂ ਭੂਮਿਕਾਵਾਂ ਲਈ ਨਾਮਜ਼ਦ ਕੀਤਾ ਹੈ। ਗਿੱਲ ਦੀ ਪਛਾਣ ਦੋ ਬਾਈਕ ਸਵਾਰ ਹਮਲਾਵਰਾਂ ਵਿੱਚੋਂ ਇੱਕ ਵਜੋਂ ਹੋਈ ਸੀ ਜਿਨ੍ਹਾਂ ਨੇ 15 ਮਾਰਚ ਦੀ ਸਵੇਰ ਨੂੰ ਗ੍ਰਨੇਡ ਸੁੱਟਿਆ ਸੀ। ਉਸ ਦਾ ਸਾਥੀ ਗੁਰਸਿਦਕ ਸਿੰਘ ਉਰਫ਼ ਸਿਦਕੀ ਦੋ ਦਿਨ ਬਾਅਦ ਇੱਕ ਪੁਲੀਸ ਮੁਕਾਬਲੇ ਵਿੱਚ ਮਾਰਿਆ ਗਿਆ ਸੀ। ਅਧਿਕਾਰੀ ਅਨੁਸਾਰ ਭਗਵੰਤ ਸਿੰਘ ਨੇ ਹਮਲਾਵਰਾਂ ਨੂੰ ਪਨਾਹ ਦਿੱਤੀ, ਗ੍ਰਨੇਡ ਲੁਕਾਏ, ਜਾਸੂਸੀ ਲਈ ਮੋਟਰਸਾਈਕਲਾਂ ਦਾ ਪ੍ਰਬੰਧ ਕੀਤਾ ਅਤੇ ਹਮਲੇ ਤੋਂ ਪਹਿਲਾਂ ਅਤੇ ਬਾਅਦ ਵਿੱਚ ਲੌਜਿਸਟਿਕਲ ਸਹਾਇਤਾ ਪ੍ਰਦਾਨ ਕੀਤੀ। ਦੀਵਾਨ ਸਿੰਘ ਨੂੰ ਸਹਿ-ਮੁਲਜ਼ਮਾਂ ਨੂੰ ਪਨਾਹ ਦੇਣ ਅਤੇ ਸਬੂਤ ਨਸ਼ਟ ਕਰਨ ਲਈ ਚਾਰਜਸ਼ੀਟ ਕੀਤਾ ਗਿਆ ਹੈ। ਇੱਕ ਹੋਰ ਮੁੱਖ ਮੁਲਜ਼ਮ ਸ਼ਰਨਜੀਤ ਕੁਮਾਰ ਨੂੰ 5 ਸਤੰਬਰ ਨੂੰ ਬਿਹਾਰ ਦੇ ਗਯਾ ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ। ਅਧਿਕਾਰੀ ਨੇ ਕਿਹਾ, "ਉਸ ਦੇ ਅਤੇ ਫਰਾਰ ਮੁਲਜ਼ਮ ਬਾਦਲਪ੍ਰੀਤ ਸਿੰਘ, ਜੋ ਕਿ ਵਿਦੇਸ਼ ਵਿੱਚ ਮੰਨਿਆ ਜਾਂਦਾ ਹੈ, ਵਿਰੁੱਧ ਜਾਂਚ ਜਾਰੀ ਹੈ।" ਏਜੰਸੀ ਨੇ ਕਿਹਾ ਕਿ ਉਸ ਤੋਂ ਕੀਤੀ ਪੁੱਛਪੜਤਾਲ ਵਿੱਚ ਯੂਪੀਆਈ ਅਤੇ ਐੱਮਟੀਐੱਸਐੱਸ ਚੈਨਲਾਂ ਰਾਹੀਂ ਵਿਦੇਸ਼ੀ ਹੈਂਡਲਰਾਂ ਤੋਂ ਸਥਾਨਕ ਸੰਚਾਲਕਾਂ ਨੂੰ ਅਤਿਵਾਦੀ ਫੰਡਾਂ ਦੇ ਟ?ਰਾਂਸਫਰ ਦਾ ਖੁਲਾਸਾ ਹੋਇਆ ਹੈ। ਅਧਿਕਾਰੀ ਨੇ ਕਿਹਾ ਕਿ ਪੈਸੇ ਦੇ ਲੈਣ ਦੇਣ ਨੂੰ ਟਰੈਕ ਕਰਨ, ਭਗੌੜਿਆਂ ਦੀ ਪਛਾਣ ਕਰਨ ਅਤੇ ਮਾਡਿਊਲ ਦੇ ਕੌਮਾਂਤਰੀ ਸਬੰਧਾਂ ਬਾਰੇ ਪਤਾ ਲਗਾਉਣ ਲਈ ਕੋਸ਼ਿਸ਼ਾਂ ਜਾਰੀ ਹਨ। ਤਫ਼ਤੀਸ਼ਕਾਰਾਂ ਦਾ ਮੰਨਣਾ ਹੈ ਕਿ ਇਹ ਪੰਜਾਬ ਅਤੇ ਇਸ ਤੋਂ ਬਾਹਰ ਡਰ ਫੈਲਾਉਣ ਅਤੇ ਫਿਰਕੂ ਅਸ਼ਾਂਤੀ ਭੜਕਾਉਣ ਦੀ ਇੱਕ ਵੱਡੀ ਸਾਜ਼ਿਸ਼ ਦਾ ਹਿੱਸਾ ਸੀ।



## ਜਲ ਸੈਨਾ ਨੂੰ ਪਣਡੁੱਬੀ ਵਿਰੋਧੀ ਦੂਜਾ ਜੰਗੀ ਬੇੜਾ ਸੌਂਪਿਆ

### ਤੱਟੀ ਪਾਣੀਆਂ ਦੀ ਪੂਰਨ ਨਿਗਰਾਨੀ ਕਰਨ ਦੇ ਨਾਲ ਖੋਜ ਤੇ ਹਮਲੇ ਕਰਨ ਦੇ ਸਮਰੱਥ ਵੀ ਹੈ ਬੇੜ

ਨਵੀਂ ਦਿੱਲੀ (ਰਮਨ ਕੁਮਾਰ)- ਰੱਖਿਆ ਖੇਤਰ ਦੇ ਜਨਤਕ ਅਦਾਰੇ (ਪੀਐੱਸਯੂ) 'ਗਾਰਡਨ ਰੀਚ ਸ਼ਿਪਬਿਲਡਰਜ਼ ਐਂਡ ਇੰਜਨੀਅਰਜ਼' (ਜੀ ਆਰ ਐੱਸ ਈ) ਲਿਮਿਟਡ ਨੇ ਅੱਜ ਭਾਰਤੀ ਜਲ ਸੈਨਾ ਨੂੰ ਇਕ ਪਣਡੁੱਬੀ ਵਿਰੋਧੀ ਘੱਟ ਡੂੰਘੇ ਪਾਣੀ ਵਾਲਾ ਜੰਗੀ ਬੇੜਾ ਸੌਂਪਿਆ। ਇਹ ਦੇਸ਼ ਦੀ ਜਲ ਸੈਨਾ ਲਈ ਸ਼ਿਪਯਾਰਡ ਵੱਲੋਂ ਬਣਾਏ ਜਾ ਰਹੇ ਅੱਠ ਅਜਿਹੇ ਬੇੜਿਆਂ ਦੀ ਲੜੀ ਤਹਿਤ ਦੂਜਾ ਬੇੜਾ ਹੈ। ਇਕ ਅਧਿਕਾਰੀ ਨੇ ਕਿਹਾ ਕਿ ਇਹ ਬੇੜੇ ਤੱਟੀ ਪਾਣੀਆਂ ਦੀ ਪੂਰਨ ਪੈਮਾਨੇ 'ਤੇ ਨਿਗਰਾਨੀ ਕਰਨ ਦੇ ਨਾਲ-ਨਾਲ ਖੋਜ ਅਤੇ ਹਮਲੇ ਵਿੱਚ ਵੀ ਸਮਰੱਥ ਹਨ। ਜੀ ਆਰ ਐੱਸ ਈ ਦੇ ਅਧਿਕਾਰੀ ਨੇ ਦੱਸਿਆ ਕਿ 'ਐਂਡਰੋਥ' ਨਾਮ ਦੇ ਇਸ ਬੇੜੇ ਦੀ ਸਪਲਾਈ ਇਸ ਲੜੀ ਦੇ ਪਹਿਲੇ ਜੰਗੀ ਬੇੜੇ ਅਰਨਾਲਾ ਨੂੰ 18 ਜੂਨ ਨੂੰ ਜਲ ਸੈਨਾ ਵਿੱਚ ਸ਼ਾਮਲ ਕੀਤੇ ਜਾਣ ਤੋਂ ਠੀਕ ਚਾਰ ਮਹੀਨੇ ਬਾਅਦ ਹੋਈ ਹੈ, ਜਿਸ ਨਾਲ ਭਾਰਤ ਦੀ ਸਮੁੰਦਰੀ ਸੁਰੱਖਿਆ ਮਜ਼ਬੂਤ ਹੋਈ ਹੈ। ਉਨ੍ਹਾਂ ਦੱਸਿਆ ਕਿ ਲਕਸ਼ਦੀਪ ਦੀਪ ਸਮੂਹ ਦੇ ਐਂਡਰੋਥ ਦੀਪ ਦੇ ਨਾਮ 'ਤੇ ਬਣਿਆ ਇਹ ਬੇੜਾ ਇਸ ਸ਼?ਰੇਣੀ ਦਾ ਦੂਜਾ ਜੰਗੀ ਬੇੜਾ ਹੈ ਜਿਸ 'ਤੇ ਜੀ ਆਰ ਐੱਸ ਈ ਵੱਲੋਂ ਬਣਾਈ ਗਈ ਦੇਸ਼ੀ 30 ਮਿਲੀਮੀਟਰ ਨੇਵਲ ਸਤਹਿ ਤੋਪ ਲਗਾਈ ਗਈ ਹੈ। ਉਨ੍ਹਾਂ ਦੱਸਿਆ ਕਿ ਭਾਰਤੀ ਜਲ ਸੈਨਾ ਨੇ 16 ਐਡਵਾਂਸ ਪਣਡੁੱਬੀ ਵਿਰੋਧੀ ਘੱਟ ਡੂੰਘੇ ਪਾਣੀ ਦੇ ਜੰਗੀ ਬੇੜਿਆਂ (ਏ ਐੱਸ ਡਬਲਿਊ ਐੱਸ ਡਬਲਿਊ ਸੀ) ਦਾ ਆਰਡਰ ਦਿੱਤਾ ਸੀ, ਜਿਨ੍ਹਾਂ 'ਚੋਂ ਅੱਠ-ਅੱਠ ਜੀ ਆਰ ਐੱਸ ਈ ਅਤੇ ਇਕ ਹੋਰ ਭਾਰਤੀ ਸ਼ਿਪਯਾਰਡ ਵੱਲੋਂ ਬਣਾਏ ਜਾਣ ਵਾਲੇ ਹਨ। ਹਾਲਾਂਕਿ, ਸਾਰੇ ਅੱਠ ਏ ਐੱਸ ਡਬਲਿਊ ਐੱਸ ਡਬਲਿਊ ਸੀ ਜੀ ਆਰ ਐੱਸ ਈ ਵੱਲੋਂ ਲਾਂਚ ਕੀਤੇ ਗਏ ਹਨ, ਪਰ ਇਹ ਜਲ ਸੈਨਾ ਨੂੰ ਦਿੱਤਾ ਜਾਣ ਵਾਲਾ ਦੂਜਾ ਜੰਗੀ ਬੇੜਾ ਹੈ। ਅਧਿਕਾਰੀ ਨੇ ਕਿਹਾ ਕਿ ਜਹਾਜ਼ਾਂ ਦੇ ਨਾਲ ਤਾਲਮੇਲ ਵਾਲੀਆਂ ਪਣਡੁੱਬੀ ਵਿਰੋਧੀ ਮੁਹਿੰਮਾਂ ਚਲਾਉਣ ਵਿੱਚ ਸਮਰੱਥ ਇਨ੍ਹਾਂ ਬੇੜਿਆਂ ਵਿੱਚ ਜੰਗ ਪ੍ਰਬੰਧਨ ਪ੍ਰਣਾਲੀਆਂ ਲੱਗੀਆਂ ਹੋਈਆਂ ਹਨ ਅਤੇ ਇਹ ਹਲਕੇ ਤਾਰਪੀਡੋ ਦੇ ਨਾਲ-ਨਾਲ ਪਣਡੁੱਬੀ ਵਿਰੋਧੀ ਜੰਗੀ ਰਾਕੇਟਾਂ ਨਾਲ ਵੀ ਲੈਸ ਹੋਣਗੇ।

## ਖ਼ੂਨ ਅਤੇ ਖੇਡਾਂ ਇਕੱਠੇ ਕਿਵੇਂ ਚੱਲ ਰਹੀਆਂ : ਸੰਜੇ ਸਿੰਘ

ਨਵੀਂ ਦਿੱਲੀ (ਏਜੰਸੀ)- ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਸੰਜੇ ਸਿੰਘ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਉਸ ਬਿਆਨ 'ਤੇ ਨਿਸ਼ਾਨਾ ਸਾਧਿਆ ਜਿਸ ਵਿੱਚ ਉਨ੍ਹਾਂ ਨੇ ਕਿਹਾ ਸੀ ਕਿ 'ਅਤਿਵਾਦ ਅਤੇ ਵਪਾਰ ਇਕੱਠੇ ਨਹੀਂ ਚੱਲ ਸਕਦੇ' ਅਤੇ ਕਿਹਾ ਕਿ ਹੁਣ ਖ਼ੂਨ ਅਤੇ ਖੇਡ ਇਕੱਠੇ ਕਿਵੇਂ ਚੱਲ ਰਹੇ ਹਨ? ਸੰਜੇ ਸਿੰਘ ਨੇ ਕਿਹਾ, "ਭਾਰਤ ਸਰਕਾਰ ਨੇ ਕਿਹਾ ਕਿ ਪਾਕਿਸਤਾਨ ਦੇ ਅਤਿਵਾਦੀਆਂ ਨੇ ਪਹਿਲਗਾਮ ਘਟਨਾ ਨੂੰ ਅੰਜਾਮ ਦਿੱਤਾ। ਫਿਰ ਆਪਰੇਸ਼ਨ ਸਿੰਧੂਰ ਹੋਇਆ। ਸਾਡੇ ਸੈਨਿਕਾਂ ਅਤੇ ਜਨਤਾ ਨੇ ਆਪਣੀਆਂ ਜਾਨਾਂ ਗੁਆ ਦਿੱਤੀਆਂ, ਜਿਸ ਪਾਕਿਸਤਾਨ ਨਾਲ ਤੁਸੀਂ ਲੜ ਰਹੇ ਹੋ, ਤੁਸੀਂ ਖੁਦ ਕਿਹਾ ਸੀ ਕਿ ਆਪ੍ਰੇਸ਼ਨ ਸਿੰਧੂਰ ਅਜੇ ਖ਼ਤਮ ਨਹੀਂ ਹੋਇਆ। ਇਹ ਪ੍ਰਧਾਨ ਮੰਤਰੀ ਮੋਦੀ ਦਾ ਬਿਆਨ ਹੈ ਕਿ ਅਤਿਵਾਦ ਅਤੇ ਵਪਾਰ ਇਕੱਠੇ ਨਹੀਂ ਚੱਲ ਸਕਦੇ। ਫਿਰ ਖ਼ੂਨ ਅਤੇ ਖੇਡ ਇਕੱਠੇ ਕਿਵੇਂ ਚੱਲ ਰਹੇ ਹਨ? ਇਸ ਤੋਂ ਪਹਿਲਾਂ ਉੱਤਰ ਪ੍ਰਦੇਸ਼ ਦੇ ਉਪ ਮੁੱਖ ਮੰਤਰੀ ਕੇਸ਼ਵ ਪ੍ਰਸਾਦ ਮੌਰਿਆ ਨੇ ਕਿਹਾ ਕਿ ਭਾਰਤੀ ਕ੍ਰਿਕਟ ਟੀਮ ਏਸ਼ੀਆ ਕੱਪ ਵਿੱਚ ਪਾਕਿਸਤਾਨ ਵਿਰੁੱਧ ਭਾਰਤ ਦੇ ਨਿਰਧਾਰਤ ਕ੍ਰਿਕਟ ਮੈਚ ਨੂੰ ਜਾਇਜ਼ ਠਹਿਰਾਉਂਦੇ ਹੋਏ ਨਿਯਮਾਂ ਦੀ ਪਾਲਣਾ ਕਰ ਰਹੀ ਹੈ। ਮੌਰਿਆ ਨੇ ਕਿਹਾ ਕਿ ਕੌਮਾਂਤਰੀ



**ਭਾਰਤ-ਪਾਕਿ ਮੈਚ ਨੂੰ ਲੈ ਕੇ ਸੰਜੇ ਸਿੰਘ ਨੇ ਪ੍ਰਧਾਨ ਮੰਤਰੀ ਮੋਦੀ ਦੀ ਕੀਤੀ ਨਿੰਦਾ !**

ਮੁਕਾਬਲਿਆਂ ਵਿੱਚ ਭਾਗੀਦਾਰੀ ਨਾਲ ਸਬੰਧਤ ਕੁਝ ਉਲਝਣਾਂ ਕਾਰਨ ਮੈਚ ਅੱਗੇ ਵਧਾਇਆ ਜਾ ਰਿਹਾ ਹੈ, ਜਦੋਂ ਕਿ ਇਹ ਸਵੀਕਾਰ ਕਰਦੇ ਹੋਏ ਕਿ ਕੋਈ ਵੀ ਭਾਰਤੀ ਇਹ ਮੈਚ ਨਹੀਂ ਚਾਹੁੰਦਾ। ਉੱਧਰ ਦੂਜੇ ਪਾਸੇ ਲਗਾਤਾਰ ਇਸ ਮੈਚ ਨੂੰ ਲੈ ਕੇ ਵਿਰੋਧ ਪ੍ਰਦਰਸ਼ਨ ਦੇਖੇ ਜਾ ਰਹੇ ਹਨ। ਸ਼ਿਵ ਸੈਨਾ (ਯੂਬੀਟੀ) ਦੀਆਂ ਮਹਿਲਾ ਵਰਕਰਾਂ ਨੇ ਮੁੰਬਈ ਵਿੱਚ 'ਸਿੰਧੂਰ' ਨਾਲ ਵਿਰੋਧ ਪ੍ਰਦਰਸ਼ਨ ਕੀਤਾ।

## ਸੰਪਾਦਕੀ

# ਰਾਜਨੀਤਿਕ ਅਸਥਿਰਤਾ

ਵਿਸ਼ਵ ਪੱਧਰ 'ਤੇ,ਦੱਖਣੀ ਏਸ਼ੀਆ ਅੱਜ ਵਿਸ਼ਵ ਰਾਜਨੀਤੀ ਦਾ ਇੱਕ ਬਹੁਤ ਮਹੱਤਵਪੂਰਨ ਖੇਤਰ ਹੈ। ਇੱਥੇ ਅੰਦਰੂਨੀ ਰਾਜਨੀਤਿਕ ਅਸਥਿਰਤਾ ਸਬੰਧਤ ਦੇਸ਼ਾਂ ਤੱਕ ਸੀਮਤ ਨਹੀਂ ਹੈ,ਬਲਕਿ ਇਸਦਾ ਅੰਤਰਰਾਸ਼ਟਰੀ ਭੂ-ਰਾਜਨੀਤੀ ਅਤੇ ਆਰਥਿਕਤਾ 'ਤੇ ਵੀ ਸਿੱਧਾ ਪ੍ਰਭਾਵ ਪੈਂਦਾ ਹੈ।ਨੇਪਾਲ, ਜੋ ਇਤਿਹਾਸਕ, ਸੱਭਿਆਚਾਰਕ ਅਤੇ ਭੂਗੋਲਿਕ ਤੌਰ 'ਤੇ ਭਾਰਤ ਨਾਲ ਡੂੰਘਾ ਜੁੜਿਆ ਹੋਇਆ ਹੈ, ਇਸ ਸਮੇਂ ਇੱਕ ਵੱਡੇ ਰਾਜਨੀਤਿਕ ਸੰਕਟ ਵਿੱਚੋਂ ਗੁਜ਼ਰ ਰਿਹਾ ਹੈ। ਸੱਤਾ ਪਰਿਵਰਤਨ, ਨੌਜਵਾਨਾਂ ਦਾ ਗੁੱਸਾ, ਭ੍ਰਿਸ਼ਟਾਚਾਰ ਵਿਰੋਧੀ ਅੰਦੋਲਨ, ਬਾਹਰੀ ਦਖਲਅੰਦਾਜ਼ੀ ਅਤੇ ਆਰਥਿਕ ਚੁਣੌਤੀਆਂ ਇਸ ਸੰਕਟ ਦੇ ਮੁੱਖ ਕਾਰਨ ਹਨ? ਭਾਰਤ ਲਈ,ਇਹ ਸਥਿਤੀ ਸਿਰਫ਼ ਗੁਆਂਢੀ ਲਈ ਚਿੰਤਾ ਦਾ ਵਿਸ਼ਾ ਨਹੀਂ ਹੈ,ਸਗੋਂ ਇਸਦੀ ਰਾਸ਼ਟਰੀ ਸੁਰੱਖਿਆ, ਸਰਹੱਦੀ ਸਥਿਰਤਾ,ਆਰਥਿਕ ਵਪਾਰਕ ਹਿੱਤ ਅਤੇ ਖੇਤਰੀ ਰਣਨੀਤੀ ਨਾਲ ਵੀ ਡੂੰਘਾਈ ਨਾਲ ਜੁੜੀ ਹੋਈ ਹੈ। ਭਾਰਤ ਅਤੇ ਨੇਪਾਲ ਦੀ ਲਗਭਗ 1,751 ਕਿਲੋਮੀਟਰ ਦੀ ਖੁੱਲ੍ਹੀ ਸਰਹੱਦ ਹੈ, ਜੋ ਉੱਤਰ ਪ੍ਰਦੇਸ਼, ਬਿਹਾਰ,ਪੱਛਮੀ ਬੰਗਾਲ, ਉਤਰਾਖੰਡ ਅਤੇ ਸਿੱਕਮ ਨਾਲ ਲੱਗਦੀ ਹੈ। ਇਹ ਭੂਗੋਲਿਕ ਨੇੜਤਾ ਦੋਵਾਂ ਦੇਸ਼ਾਂ ਦੇ ਸਬੰਧਾਂ ਨੂੰ ਖਾਸ ਬਣਾਉਂਦੀ ਹੈ।ਨੇਪਾਲ ਦੇ ਲਗਭਗ 80 ਲੱਖ ਨਾਗਰਿਕ ਭਾਰਤ ਵਿੱਚ ਕੰਮ ਅਤੇ ਰੁਜ਼ਗਾਰ ਨਾਲ ਜੁੜੇ ਹੋਏ ਹਨ। ਇਹ ਨਾ ਸਿਰਫ ਇੱਕ ਆਰਥਿਕ ਪਹਿਲੂ ਹੈ, ਸਗੋਂ ਇੱਕ ਸੱਭਿਆਚਾਰਕ ਅਤੇ ਸਮਾਜਿਕ ਬੰਧਨ ਵੀ ਹੈ, ਕਿਉਂਕਿ ਲੱਖਾਂ ਨੇਪਾਲੀ ਪਰਿਵਾਰ ਭਾਰਤ ਵਿੱਚ ਵਸਦੇ ਹਨ ਅਤੇ ਦੋਵਾਂ ਦੇਸ਼ਾਂ ਦੇ ਲੋਕਾਂ ਵਿਚਕਾਰ ਵਿਆਹੁਤਾ ਸਬੰਧ ਵੀ ਸਾਂਝੇ ਹਨ।ਨੇਪਾਲ ਵਿੱਚ ਰਾਜਨੀਤਿਕ ਸਥਿਰਤਾ ਭਾਰਤ ਲਈ ਮਹੱਤਵਪੂਰਨ ਹੈ ਕਿਉਂਕਿ ਜੇਕਰ ਉੱਥੇ ਲਗਾਤਾਰ ਬਿਜਲੀ ਸੰਕਟ, ਬਗਾਵਤ ਜਾਂ ਘਰੇਲੂ ਯੁੱਧ ਵਰਗੀ ਸਥਿਤੀ ਪੈਦਾ ਹੁੰਦੀ ਹੈ,ਤਾਂ ਇਸਦਾ ਸਿੱਧਾ ਪ੍ਰਭਾਵ ਭਾਰਤ ਦੀਆਂ ਸਰਹੱਦਾਂ, ਸੁਰੱਖਿਆ ਅਤੇ ਅੰਦਰੂਨੀ ਰਾਜਨੀਤੀ 'ਤੇ ਪਵੇਗਾ, ਜਿਸ ਨੂੰ ਰੇਖਾਂਕਿਤ ਕਰਨ ਵਾਲਾ ਵਿਸ਼ਾ ਹੈ, ਇਸ ਲਈ ਅੱਜ, ਮੀਡੀਆ ਵਿੱਚ ਉਪਲਬਧ ਜਾਣਕਾਰੀ ਦੀ ਮਦਦ ਨਾਲ, ਇਸ ਲੇਖ ਰਾਹੀਂ ਅਸੀਂ ਨੇਪਾਲ ਸਮੇਤ ਗੁਆਂਢੀ ਦੇਸ਼ਾਂ ਵਿੱਚ ਰਾਜਨੀਤਿਕ ਅਸਥਿਰਤਾ ਅਤੇ ਭਾਰਤ 'ਤੇ ਇਸਦੇਅੰਤਰਰਾਸ਼ਟਰੀ ਪ੍ਰਭਾਵ ਬਾਰੇ ਚਰਚਾ ਕਰਾਂਗੇ: -ਇੱਕ ਡੂੰਘਾਈ ਨਾਲ ਵਿਸ਼ਲੇਸ਼ਣ। ਦੋਸਤੋ, ਜੇਕਰ ਅਸੀਂ ਨੇਪਾਲ ਦੇ ਨੌਜਵਾਨਾਂ ਦੇ ਸਪੱਸ਼ਟ ਖੁਲਾਸੇ ਬਾਰੇ ਗੱਲ ਕਰੀਏ, ਤਾਂ ਉਨ੍ਹਾਂ ਨੇ ਕਿਹਾ ਹੈ ਕਿ ਉਨ੍ਹਾਂ ਦੀ ਭੰਨਤੋੜ, ਲੁੱਟਮਾਰ ਅਤੇ ਹਥਿਆਰ ਖੋਹਣ ਵਰਗੀਆਂ ਘਟਨਾਵਾਂ ਵਿੱਚ ਕੋਈ ਭੂਮਿਕਾ ਨਹੀਂ ਹੈ।ਇਹ ਕੁਝ ਬਾਹਰੀ ਤੱਤਾਂ ਦਾ ਕੰਮ ਹੈ, ਜਿਨ੍ਹਾਂ ਨੇ ਇਸ ਅੰਦੋਲਨ ਦੀ ਦਿਸ਼ਾ ਬਦਲਣ ਦੀ ਕੋਸ਼ਿਸ਼ ਕੀਤੀ। ਇਸ ਬਿਆਨ ਤੋਂ ਇਹ ਸਪੱਸ਼ਟ ਹੈ ਕਿ ਨੇਪਾਲ ਦੇ ਨੌਜਵਾਨ ਸਿਰਫ਼ ਪਾਰਦਰਸ਼ਤਾ ਅਤੇ ਭ੍ਰਿਸ਼ਟਾਚਾਰ-ਮੁਕਤ ਸ਼ਾਸਨ ਚਾਹੁੰਦੇ ਹਨ, ਅਰਾਜਕਤਾ ਅਤੇ ਹਿੰਸਾ ਨਹੀਂ।ਇਹ ਸੰਦੇਸ਼ ਭਾਰਤ ਲਈ ਮਹੱਤਵਪੂਰਨ ਹੈ।ਜੇਕਰ ਨੇਪਾਲ ਵਿੱਚ ਚੋਣਾਂ ਲੰਬੇ ਸਮੇਂ ਲਈ ਮੁਲਤਵੀ ਕੀਤੀਆਂ ਜਾਂਦੀਆਂ ਹਨ ਅਤੇ ਇੱਕ ਸਥਿਰ ਸਰਕਾਰ ਨਹੀਂ ਬਣਦੀ ਹੈ, ਤਾਂ ਅਰਾਜਕਤਾਵਾਦੀ ਤੱਤ ਅਤੇ ਬਾਹਰੀ ਸ਼ਕਤੀਆਂ ਸਥਿਤੀ ਦਾ ਫਾਇਦਾ ਉਠਾ ਸਕਦੀਆਂ ਹਨ ਅਤੇ ਭਾਰਤ ਦੀਆਂ ਸਰਹੱਦਾਂ ਵਿੱਚ ਅਸੁਰੱਖਿਆ ਫੈਲਾ ਸਕਦੀਆਂ ਹਨ। ਦੋਸਤੋ, ਜੇਕਰ ਅਸੀਂ ਭਾਰਤ ਅਤੇ ਨੇਪਾਲ ਦੇ ਵਪਾਰਕ ਸਬੰਧਾਂ ਦੀ ਬਹੁਤ ਡੂੰਘੇ ਹੋਣ ਦੀ ਗੱਲ ਕਰੀਏ, ਤਾਂ ਨੇਪਾਲ ਦੇ ਕੁੱਲ ਵਪਾਰ ਦਾ ਲਗਭਗ ਦੋ-ਤਿਹਾਈ ਹਿੱਸਾ ਭਾਰਤ ਨਾਲ ਹੈ। ਭਾਰਤ ਨੇਪਾਲ ਨੂੰ ਵੱਡੀ ਮਾਤਰਾ ਵਿੱਚ ਮਸ਼ੀਨਰੀ,ਪੈਟਰੋਲੀਅਮ ਉਤਪਾਦ, ਦਵਾਈਆਂ ਭੋਜਨ ਵਸਤੂਆਂ, ਇਲੈਕਟ ?ਾਨਿਕ ਉਪਕਰਣ ਅਤੇ ਉਦਯੋਗਿਕ ਸਮਾਨ ਨਿਰਯਾਤ ਕਰਦਾ ਹੈ, ਜਦੋਂ ਕਿ ਮੁੱਖ ਤੌਰ 'ਤੇ ਨੇਪਾਲ ਤੋਂ ਤੇਲ ਬੀਜ,ਜੰਗਲਾਤ ਉਤਪਾਦ ਅਤੇ ਕੁਝ ਸੀਮਤ ਵਸਤੂਆਂ ਦਾ ਆਯਾਤ ਕਰਦਾ ਹੈ। ਇਸ ਨਾਲ ਭਾਰਤ ਦਾ ਵਪਾਰ ਸਰਪਲੱਸ ਵਧਦਾ ਹੈ, ਪਰ ਨੇਪਾਲ ਦੀ ਆਰਥਿਕਤਾ 'ਤੇ ਬੋਝ ਪੈਂਦਾ ਹੈ। ਰਾਜਨੀਤਿਕ ਸੰਕਟ ਨੇਪਾਲ ਦੀ ਆਰਥਿਕਤਾ ਨੂੰ ਹੋਰ ਕਮਜ਼ੋਰ ਕਰੇਗਾ, ਜਿਸ ਨਾਲ ਇਸਦੀ ਖਰੀਦ ਸ਼ਕਤੀ ਘੱਟ ਜਾਵੇਗੀ ਅਤੇ ਭਾਰਤ ਦੇ ਨਿਰਯਾਤ 'ਤੇ ਵੀ ਨਕਾਰਾਤਮਕ ਪ੍ਰਭਾਵ ਪਵੇਗਾ। ਦੋਸਤੋ, ਜੇਕਰ ਅਸੀਂ ਟੈਰਿਫ ਅਤੇ ਡਿਜੀਟਲ ਡੇਟਾ ਨੀਤੀ ਵਰਗੇ ਮੁੱਦਿਆਂ 'ਤੇ ਭਾਰਤ ਅਤੇ ਅਮਰੀਕਾ ਵਿਚਕਾਰ ਮੌਜੂਦਾ ਤਣਾਅ ਦੀ ਗੱਲ ਕਰੀਏ, ਤਾਂ ਅਜਿਹੇ ਸਮੇਂ ਭਾਰਤ ਨੂੰ ਆਪਣੇ ਨਿਰਯਾਤ ਲਈ ਨਵੇਂ ਬਾਜ਼ਾਰਾਂ ਦੀ ਲੋੜ ਹੈ।ਨੇਪਾਲ ਭਾਰਤ ਦਾ ਕੁਦਰਤੀ ਅਤੇ ਰਵਾਇਤੀ ਬਾਜ਼ਾਰ ਰਿਹਾ ਹੈ। ਜੇਕਰ ਰਾਜਨੀਤਿਕ ਅਸਥਿਰਤਾ ਕਾਰਨ ਨੇਪਾਲ ਦੀ ਆਰਥਿਕਤਾ ਹੋਰ ਕਮਜ਼ੋਰ ਹੁੰਦੀ ਹੈ, ਤਾਂ ਇਹ ਭਾਰਤ ਦੀ ਰਣਨੀਤੀ ਲਈ ਦੋਹਰੀ ਚੁਣੌਤੀ ਹੋਵੇਗੀ। ਯਾਨੀ ਕਿ ਇੱਕ ਪਾਸੇ ਅਮਰੀਕਾ ਨਾਲ ਤਣਾਅ ਅਤੇ ਦੂਜੇ ਪਾਸੇ ਨੇਪਾਲ ਦਾ ਸੰਕਟ, ਦੋਵੇਂ ਇਕੱਠੇ ਭਾਰਤ ਦੀ ਨਿਰਯਾਤ ਨੀਤੀ, ਖੇਤਰੀ ਸਥਿਰਤਾ ਅਤੇ ਆਰਥਿਕ ਵਿਕਾਸ 'ਤੇ ਮਾੜਾ ਪ੍ਰਭਾਵ ਪਾ ਸਕਦੇ ਹਨ। ਦੋਸਤੋ, ਜੇਕਰ ਅਸੀਂ ਇਸਨੂੰ ਚੀਨੀ ਦੱਖਣੀ ਏਸ਼ੀਆ ਅਤੇ ਗਲੋਬਲ ਸ਼ਮੂਲੀਅਤ ਦੇ ਕੋਣ ਤੋਂ ਵੇਖੀਏ, ਤਾਂ ਨੇਪਾਲ ਦੀ ਅਸਥਿਰਤਾ ਸਿਰਫ ਭਾਰਤ ਦਾ ਮੁੱਦਾ ਨਹੀਂ ਹੈ। ਚੀਨ ਇਸ ਖੇਤਰ ਵਿੱਚ ਆਪਣੀ ਰਣਨੀਤਕ ਸਥਿਤੀ ਨੂੰ ਮਜ਼ਬੂਤ ??ਕਰਨ ਦੀ ਕੋਸ਼ਿਸ਼ ਵੀ ਕਰ ਰਿਹਾ ਹੈ।ਚੀਨ ਬੈਲਟ ਐਂਡ ਰੋਡ ਇਨੀਸ਼ੀਏਟਿਵ ਦੇ ਤਹਿਤ ਨੇਪਾਲ ਨੂੰ ਬੁਨਿਆਦੀ ਢਾਂਚੇ ਅਤੇ ਕਰਜ਼ੇ ਦੇ ਜਾਲ ਵਿੱਚ ਫਸਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਜੇਕਰ ਨੇਪਾਲ ਲੰਬੇ ਸਮੇਂ ਤੱਕ ਅਸਥਿਰ ਰਹਿੰਦਾ ਹੈ,ਤਾਂ ਚੀਨ ਉੱਥੇ ਆਪਣੀ ਪਕੜ ਵਧਾਉਣ ਦੀ ਕੋਸ਼ਿਸ਼ ਕਰੇਗਾ।ਇਹ ਭਾਰਤ ਲਈ ਇੱਕ ਸੁਰੱਖਿਆ ਖ਼ਤਰਾ ਹੈ, ਕਿਉਂਕਿ ਨੇਪਾਲ ਦੀ ਖੁੱਲ੍ਹੀ ਸਰਹੱਦ ਭਾਰਤ ਦੀ ਰੱਖਿਆ ਨੀਤੀ ਲਈ ਇੱਕ ਚੁਣੌਤੀ ਬਣ ਸਕਦੀ ਹੈ। ਨੇਪਾਲ ਦੀ ਅਸਥਿਰਤਾ ਨਾ ਸਿਰਫ਼ ਸਰਹੱਦੀ ਸਮੱਸਿਆਵਾਂ ਪੈਦਾ ਕਰੇਗੀ, ਸਗੋਂ ਪੂਰੇ ਦੱਖਣੀ ਏਸ਼ੀਆ ਵਿੱਚ ਅਵਿਸ਼ਵਾਸ ਅਤੇ ਅਸੁਰੱਖਿਆ ਦਾ ਮਾਹੌਲ ਵੀ ਪੈਦਾ ਕਰ ਸਕਦੀ ਹੈ।ਇਹ ਸਥਿਤੀ ਸਾਰਕ ਵਰਗੇ ਖੇਤਰੀ ਅਦਾਰਿਆਂ ਦੀ ਅਕਿਰਿਆਸ਼ੀਲਤਾ ਨੂੰ ਹੋਰ ਡੂੰਘਾ ਕਰੇਗੀ। ਨਾਲ ਹੀ,ਭਾਰਤ-ਬੰਗਲਾਦੇਸ਼ ਸਬੰਧ, ਭਾਰਤ-ਸ਼੍ਰੀਲੰਕਾ ਸਬੰਧ ਅਤੇ ਭਾਰਤ-ਭੂਟਾਨ ਸਬੰਧ ਵੀ ਇਸ ਤੋਂ ਪ੍ਰਭਾਵਿਤ ਹੋ ਸਕਦੇ ਹਨ, ਕਿਉਂਕਿ ਖੇਤਰੀ ਰਾਜਨੀਤੀ 'ਤੇ ਇੱਕ ਕਿਸਮ ਦਾ ਡੋਮਿਨੋ ਪ੍ਰਭਾਵ ਹੈ। ਦੋਸਤੋ, ਜੇਕਰ ਅਸੀਂ ਸੁਪਰੀਮ ਕੋਰਟ ਦੀਆਂ ਟਿੱਪਣੀਆਂ, ਲੋਕਤੰਤਰ ਅਤੇ ਨਿਆਂ ਦੀ ਮਹੱਤਤਾ ਬਾਰੇ ਗੱਲ ਕਰੀਏ, ਤਾਂ 10 ਸਤੰਬਰ 2025 ਨੂੰ ਭਾਰਤ ਦੀ ਸੁਪਰੀਮ ਕੋਰਟ ਨੇ ਨੇਪਾਲ ਵਿੱਚ ਸੰਵਿਧਾਨਕ ਅਤੇ ਰਾਜਨੀਤਿਕ ਸੰਕਟ 'ਤੇ ਇੱਕ ਮਹੱਤਵਪੂਰਨ ਟਿੱਪਣੀ ਕੀਤੀ ਸੀ। ÷ਰਾਸ਼ਟਰਪਤੀ ਸੰਦਰਭ ਕੇਸ÷ ਦੀ ਸੁਣਵਾਈ ਦੌਰਾਨ, ਭਾਰਤ ਦੇ ਮੁੱਖ ਜੱਜ ਨੇ ਨੇਪਾਲ ਦੀ ਸਥਿਤੀ 'ਤੇ ਚਿੰਤਾ ਪ੍ਰਗਟ ਕੀਤੀ ਹੈ। ਰਾਸ਼ਟਰਪਤੀ ਸੰਦਰਭ 'ਤੇ ਸੁਣਵਾਈ ਦੌਰਾਨ, ਸੰਵਿਧਾਨ ਬੈਂਚ ਦੀ ਅਗਵਾਈ ਕਰ ਰਹੇ ਚੀਫ ਜਸਟਿਸ ਨੇ ਕਿਹਾ, ਸਾਨੂੰ ਆਪਣੇ ਸੰਵਿਧਾਨ 'ਤੇ ਮਾਣ ਹੈ, ਗੁਆਂਢੀ ਦੇਸ਼ਾਂ ਵੱਲ ਦੇਖੋ, ਅਸੀਂ ਨੇਪਾਲ ਵਿੱਚ ਦੇਖਿਆ, ਇਸ 'ਤੇ ਜਸਟਿਸ ਵਿਕਰਮ ਨਾਥ ਨੇ ਕਿਹਾ, ਅਤੇ ਬੰਗਲਾਦੇਸ਼ ਵਿੱਚ ਵੀ, ਗੁਆਂਢੀ ਦੇਸ਼ਾਂ ਦਾ ਜ਼ਿਕਰ ਕਿਉਂ ਕਰੀਏ? ਸੁਪਰੀਮ ਕੋਰਟ ਦੀ ਇਹ ਟਿੱਪਣੀ ਅਜਿਹੇ ਸਮੇਂ ਆਈ ਹੈ ਜਦੋਂ ਨੇਪਾਲ ਅਤੇ ਬੰਗਲਾਦੇਸ਼ ਵਰਗੇ ਗੁਆਂਢੀ ਦੇਸ਼ਾਂ ਵਿੱਚ ਰਾਜਨੀਤਿਕ ਅਸਥਿਰਤਾ ਅਤੇ ਸੰਵਿਧਾਨ ਨੂੰ ਲੈ ਕੇ ਵਿਵਾਦ ਚੱਲ ਰਹੇ ਹਨ। ਨੇਪਾਲ ਵਿੱਚ ਹਾਲਾਤ ਅਜਿਹੇ ਬਣ ਗਏ ਹਨ ਕਿ ਜਨਤਾ ਦੇ ਗੁੱਸੇ ਕਾਰਨ ਪ੍ਰਧਾਨ ਮੰਤਰੀ ਨੂੰ ਅਸਤੀਫਾ ਦੇਣਾ ਪਿਆ ਹੈ। ਦੇਸ਼ ਚਾਰ ਦਿਨਾਂ ਤੋਂ ਅੱਗ ਵਿੱਚ ਹੈ। ਕੁਝ ਮਹੀਨੇ ਪਹਿਲਾਂ ਬੰਗਲਾਦੇਸ਼ ਵਿੱਚ ਵੀ ਅਜਿਹੇ ਹਾਲਾਤ ਪੈਦਾ ਹੋਏ ਸਨ ਅਤੇ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਨੂੰ ਆਪਣਾ ਦੇਸ਼ ਛੱਡ ਕੇ ਭਾਰਤ ਵਿੱਚ ਸ਼ਰਨ ਲੈਣੀ ਪਈ ਸੀ। ਸਾਨੂੰ ਮਾਣ ਕਿਉਂ ਹੈ? ਭਾਰਤ ਦਾ ਸੰਵਿਧਾਨ ਦੁਨੀਆ ਦੇ ਸਭ ਤੋਂ ਵੱਡੇ ਅਤੇ ਸਭ ਤੋਂ ਲੋਕਤੰਤਰੀ ਸੰਵਿਧਾਨਾਂ ਵਿੱਚੋਂ ਇੱਕ ਹੈ। ਇਸਨੇ ਨਾ ਸਿਰਫ਼ ਲੋਕਾਂ ਨੂੰ ਸਮਾਨਤਾ ਅਤੇ ਅਧਿਕਾਰ ਦਿੱਤੇ ਹਨ, ਸਗੋਂ ਸੱਤਾ ਵਿੱਚ ਬੈਠੇ ਆਗੂਆਂ ਨੂੰ ਸੀਮਾਵਾਂ ਦੇ ਅੰਦਰ ਰਹਿਣ ਦਾ ਸਬਕ ਵੀ ਸਿਖਾਇਆ ਹੈ। ਐਮਰਜੈਂਸੀ ਵਰਗੀ ਸਥਿਤੀ ਵਿੱਚ ਵੀ, ਲੋਕਤੰਤਰ ਨੇ ਆਪਣਾ ਰਸਤਾ ਬਣਾਇਆ ਅਤੇ ਲੋਕਾਂ ਨੇ ਸੰਵਿਧਾਨ ਰਾਹੀਂ ਸਰਕਾਰ ਨੂੰ ਉਲਟਾ ਦਿੱਤਾ। ਨਿਆਂਪਾਲਿਕਾ ਨੇ ਕਈ ਇਤਿਹਾਸਕ ਫੈਸਲਿਆਂ ਰਾਹੀਂ ਸੰਵਿਧਾਨ ਦੀ ਆਤਮਾ ਨੂੰ ਮਜ਼ਬੂਤ ਰੱਖਿਆ ਹੈ। ਸੀਜੇਆਈ ਦੀ ਟਿੱਪਣੀ ਇਸ ਵਿਸ਼ਵਾਸ ਵੱਲ ਇਸ਼ਾਰਾ ਕਰਦੀ ਹੈ ਕਿ ਭਾਵੇਂ ਕਿੰਨੇ ਵੀ ਸੰਕਟ ਆਉਣ, ਭਾਰਤੀ ਲੋਕਤੰਤਰ ਆਪਣੇ ਸੰਵਿਧਾਨ ਦੇ ਕਾਰਨ ਵਾਰ-ਵਾਰ ਮਜ਼ਬੂਤ ਖੜ੍ਹਾ ਰਿਹਾ ਹੈ। ਦੋਸਤੋ, ਜੇਕਰ ਅਸੀਂ ਵਿਸ਼ਵ ਪੱਧਰ 'ਤੇ ਸੋਸ਼ਲ ਮੀਡੀਆ ਐਲਗੋਰਿਦਮ ਅਤੇ ਜਨ ਅੰਦੋਲਨਾਂ ਦੀ ਗੁੰਝਲਤਾ ਬਾਰੇ ਗੱਲ ਕਰੀਏ, ਤਾਂ ਆਧੁਨਿਕ ਯੁੱਗ ਵਿੱਚ, ਰਾਜਨੀਤੀ ਸਿਰਫ ਗਲੀਆਂ ਅਤੇ ਸੰਸਦ ਤੱਕ ਸੀਮਤ ਨਹੀਂ ਹੈ, ਸਗੋਂ ਇਸਦਾ ਇੱਕ ਵੱਡਾ ਹਿੱਸਾ ਸੋਸ਼ਲ ਮੀਡੀਆ ਐਲਗੋਰਿਦਮ ਦੁਆਰਾ ਨਿਯੰਤਰਿਤ ਕੀਤਾ ਜਾ ਰਿਹਾ ਹੈ।



## ਸਭ ਤੋਂ ਫਾਸਟ ਆਹਮੋ-ਸਾਹਮਣੇ

RNI NO -PUNHIN0/2013/54688

Printed by Surinder Kumar , Published by Surinder Kumar, Owned by Surinder Kumar & Printed at Dashmash Printers 178-179 Ranjit Nagar, Jalnadhar City, Published 87 Ranjit Nagar Near Bus Stand, Jalandhar, Punjab

Editor Surinder Kumar (SK Saxena)

Responsible for selection of News under the PRB ACT.
All Rights Reserved Reproduction in whole or in Part without Permission in Prohibited, All disputes shall be settled at Jalandhar Jurisdiction only
Faxt No. : 0181-5024001, Conact No : 0181-5077100

## ਜ਼ਰੂਰੀ ਸੂਚਨਾ

ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਪ੍ਰਦਰਸ਼ਿਤ/ਵਰਗੀਕ੍ਰਿਤ) ਦੇ ਤੱਥਾਂ ਲਈ ਸਭ ਤੋਂ ਫਾਸਟ ਆਹਮੋ ਸਾਹਮਣੇ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਸਾਡਾ ਅਖ਼ਬਾਰ ਇਨ੍ਹਾਂ ਦੀ ਪੁਸ਼ਟੀ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਇਨ੍ਹਾਂ ਇਸ਼ਤਿਹਾਰਾਂ 'ਤੇ ਕਾਰਵਾਈ ਕਰਨ ਤੋਂ ਪਹਿਲਾਂ ਸਾਰੇ ਤੱਥਾਂ ਦੀ ਖੁਦ ਪੁਸ਼ਟੀ ਕਰਨ। - ਮੁੱਖ ਸੰਪਾਦਕ

# ਹੜ੍ਹ ਪ੍ਰਭਾਵਿਤ ਇਲਾਕਿਆਂ ਨੂੰ ਪੇਂਡੂ ਵਿਕਾਸ ਫੰਡ ਜਾਰੀ ਕੀਤਾ ਜਾਵੇ-ਸੰਤ ਸੀਚੇਵਾਲ

ਰਮਨ ਕੁਮਾਰ

ਸੁਲਤਾਨਪੁਰ ਲੋਧੀ, ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਅੱਜ ਸੜਕ ਆਵਾਜਾਈ ਅਤੇ ਹਾਈਵੇਅ ਮੰਤਰਾਲੇ ਦੇ ਕੇਂਦਰੀ ਰਾਜ ਮੰਤਰੀ ਸ਼ ?ਰੀ ਹਰਸ਼ ਮਲਹੋਤਰਾ ਨੂੰ ਅਪੀਲ ਕੀਤੀ ਕਿ ਪੰਜਾਬ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਲਈ ਪੇਂਡੂ ਵਿਕਾਸ ਫੰਡ ਤੁਰੰਤ ਜਾਰੀ ਕੀਤਾ ਜਾਵੇ। ਸੁਲਤਾਨਪੁਰ ਲੋਧੀ ਸਥਿਤ ਨਿਰਮਲ ਕੁਟੀਆ ਵਿਖੇ ਕੇਂਦਰੀ ਮੰਤਰੀ ਨਾਲ ਮੁਲਾਕਾਤ ਦੌਰਾਨ ਸੰਤ ਸੀਚੇਵਾਲ ਨੇ ਕਿਹਾ ਕਿ ਪੰਜਾਬ ਦਾ ਲਗਭਗ ਅੱਧਾ ਹਿੱਸਾ ਹੜ੍ਹਾਂ ਕਾਰਨ ਬਹੁਤ ਭਾਰੀ ਤਬਾਹੀ ਦਾ ਸ਼ਿਕਾਰ ਹੋਇਆ ਹੈ। ਦਰਿਆਵਾਂ ਵਿੱਚ ਆਏ ਭਿਆਨਕ ਹੜ੍ਹਾਂ ਨੇ ਸੂਬੇ ਦੇ ਬੁਨਿਆਦੀ ਢਾਂਚੇ ਨੂੰ ਨੁਕਸਾਨ ਪਹੁੰਚਾਇਆ ਹੈ। ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਰਸਤਾ ਸਹੂਲਤਾਂ, ਸਕੂਲ, ਪ੍ਰਾਇਮਰੀ ਹੈਲਥ ਸੈਂਟਰ ਅਤੇ ਕਮਿਊਨਟੀ ਹਾਲ ਆਦਿ ਢਹਿ ਗਏ ਹਨ ਜਾਂ ਗੰਭੀਰ ਤੌਰ 'ਤੇ ਨੁਕਸਾਨੇ ਹੋਏ ਹਨ। ਸੰਤ ਸੀਚੇਵਾਲ ਨੇ ਮੰਗ ਕੀਤੀ ਕਿ ਕੁਦਰਤੀ ਆਫ਼ਤ ਰਾਹਤ ਫੰਡ ਤੋਂ ਇਲਾਵਾ ਪੰਜਾਬ ਦੇ ਹਿੱਸੇ ਵਾਲਾ ਪੇਂਡੂ ਵਿਕਾਸ ਫੰਡ ਵੀ ਤੁਰੰਤ ਜਾਰੀ ਕਰਕੇ ਪਿੰਡਾਂ ਦੀਆਂ ਟੁੱਟੀਆਂ ਸੜਕਾਂ ਅਤੇ ਸਕੂਲਾਂ ਦੀ ਮੁਰੰਮਤ ਦਾ ਕੰਮ ਤੁਰੰਤ ਸ਼ੁਰੂ ਕਰਵਾਇਆ ਜਾਵੇ। ਉਨ੍ਹਾਂ ਕਿਹਾ ਕਿ ਖੇਤੀਬਾੜੀ, ਜੋ ਕਿ ਪੰਜਾਬ ਦੀ ਰੀੜ੍ਹ ਦੀ ਹੱਡੀ ਹੈ, ਹੜ੍ਹਾਂ ਤੋਂ ਸਭ ਤੋਂ ਵੱਧ ਪ੍ਰਭਾਵਿਤ ਹੋਈ ਹੈ। ਕਿਸਾਨਾਂ ਦੀਆਂ ਫਸਲਾਂ ਪੂਰੀ ਤਰ੍ਹਾਂ ਤਬਾਹ ਹੋ ਗਈਆਂ ਹਨ, ਜਿਸ ਨਾਲ ਖੇਤ ਮਜ਼ਦੂਰਾਂ ਨੂੰ ਵੀ ਭਾਰੀ ਆਰਥਿਕ ਨੁਕਸਾਨ ਹੋਇਆ ਹੈ। ਭਾਰੀ ਮੀਂਹ ਕਾਰਨ ਗਰੀਬਾਂ ਦੇ ਕਈ ਘਰ ਢਹਿ ਗਏ ਹਨ ਜਾਂ ਗੰਭੀਰ ਤੌਰ 'ਤੇ ਨੁਕਸਾਨੀ ਹੋਏ ਹਨ। ਉਨ੍ਹਾਂ ਸਾਰਿਆਂ ਨੂੰ ਪੂਰਾ ਮੁਆਵਜ਼ਾ ਮਿਲਣਾ ਚਾਹੀਦਾ ਹੈ। ਮਨਰੇਗਾ ਮਜ਼ਦੂਰਾਂ ਨੂੰ ਮਿਲੇ 250 ਦਿਨਾਂ ਦਾ ਕੰਮ-ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰ ਇਹ ਯਕੀਨੀ ਬਣਾਵੇ ਕਿ ਮਨਰੇਗਾ ਮਜ਼ਦੂਰਾਂ ਨੂੰ ਘੱਟੋ-ਘੱਟ 250 ਦਿਨਾਂ ਦਾ ਰੋਜ਼ਗਾਰ ਮਿਲੇ। ਉਨ੍ਹਾਂ ਦੱਸਿਆ ਕਿ ਹੜ੍ਹਾਂ ਕਾਰਨ ਮਜ਼ਦੂਰ ਵਰਗ ਵੀ ਵੱਡੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ। ਮੌਜੂਦਾ 100 ਦਿਨਾਂ ਦੀ ਰੋਜ਼ਗਾਰ ਗਾਰੰਟੀ ਨੂੰ ਵਧਾ ਕੇ ਘੱਟੋ-ਘੱਟ 250 ਦਿਨ ਕੀਤਾ ਜਾਵੇ ਤਾਂ ਜੋ ਇਹ ਵਰਗ ਆਪਣੇ ਪਰਿਵਾਰ ਦੀ ਜੀਵਨ-ਜਰੂਰਤਾਂ ਪੂਰੀ ਕਰ ਸਕੇ। ਬਾਕਸ ਆਈਟਮ: ਲੋਹੀਆ ਫਲਾਈਓਵਰ ਦਾ ਕੰਮ ਜਲਦ ਸ਼ੁਰੂ ਹੋਵੇ - ਸੰਤ ਸੀਚੇਵਾਲ ਸੰਤ ਸੀਚੇਵਾਲ ਨੇ ਕੇਂਦਰੀ ਰਾਜ ਮੰਤਰੀ ਹਰਸ਼ ਮਲਹੋਤਰਾ ਨੂੰ ਲੋਹੀਆਂ ਵਿਖੇ ਰੁਕੇ ਹੋਏ ਫਲਾਈਓਵਰ ਦੀ ਨਿਰਮਾਣ ਕਾਰਵਾਈ ਮੁੜ ਸ਼ੁਰੂ ਕਰਵਾਉਣ ਲਈ ਮੰਗ ਪੱਤਰ ਸੌਂਪਿਆ। ਜਿਕਰਯੋਗ ਹੈ ਕਿ ਰੇਲਵੇ ਲਾਂਘੇ ਉੱਤੇ ਬਣ ਰਿਹਾ ਇਹ ਫਲਾਈਓਵਰ ਪਿਛਲੇ 9 ਮਹੀਨੇ ਤੋਂ ਠੱਪ ਪਿਆ ਹੋਇਆ ਹੈ। ਸੰਤ ਸੀਚੇਵਾਲ ਵੱਲੋਂ ਇਸ ਪੁਲ ਦੇ ਕੁਝ ਹਿੱਸਿਆਂ ਵਿੱਚ ਵਾਧੇ ਦੀ ਸਿਫਾਰਿਸ਼ ਕੀਤੀ ਗਈ ਸੀ, ਜਿਸ ਕਰਕੇ ਨੈਸ਼ਨਲ ਹਾਈਵੇਅ ਅਥਾਰਟੀ ਨੇ ਇਸ ਪ੍ਰੋਜੈਕਟ ਦੀ ਵਧੀ ਹੋਈ ਲਾਗਤ ਨੂੰ ਮੁੜ ਮਨਜ਼ੂਰੀ ਲਈ ਭੇਜਿਆ ਹੋਇਆ ਹੈ। ਕੇਂਦਰੀ ਮੰਤਰੀ ਨੇ ਮੰਗ ਪੱਤਰ ਨਾਲ ਸਹਿਮਤ ਹੋਕੇ ਅਧਿਕਾਰੀਆਂ ਨੂੰ ਹੁਕਮ ਦਿੱਤੇ ਕਿ ਇਸ ਫਲਾਈਓਵਰ ਦਾ ਕੰਮ ਜਲਦ ਤੋਂ ਜਲਦ ਮੁਕੰਮਲ ਕੀਤਾ ਜਾਵੇ, ਤਾਂ ਜੋ ਸਥਾਨਕ ਦੁਕਾਨਦਾਰਾਂ ਅਤੇ ਆਮ ਲੋਕਾਂ ਦੇ ਆਵਾਜਾਈ ਅਤੇ ਵਪਾਰ 'ਤੇ ਹੋ ਰਹੇ ਨੁਕਸਾਨ ਨੂੰ ਰੋਕਿਆ ਜਾ ਸਕੇ।



# ਭਾਜਪਾ ਔਖੀ ਘੜੀ ਵਿਚ ਵੀ ਲਾਸ਼ਾ ਤੇ ਸਿਆਸਤ ਕਰ ਰਹੀ ਹੈ-ਵਿੱਤ ਮੰਤਰੀ

## ਵਿੱਤ ਮੰਤਰੀ ਅਤੇ ਸਿੱਖਿਆ ਮੰਤਰੀ ਨੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਕੀਤਾ ਦੌਰਾ

ਪੰਕਜ

ਚੰਡੀਗੜ੍ਹ / ਨੰਗਲ 13 ਸਤੰਬਰ - ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਹੈ ਕਿ ਔਖੀ ਘੜੀ ਮੌਕੇ ਵੀ ਭਾਜਪਾ ਲਾਸ਼ਾ ਤੇ ਸਿਆਸਤ ਕਰ ਰਹੀ ਹੈ, ਜੇਕਰ ਕੇਂਦਰ ਸਰਕਾਰ ਕੋਲ 12 ਹਜ਼ਾਰ ਕਰੋੜ ਦੇ ਆਂਕੜੇ ਹਨ ਤਾ ਉਹ ਜਨਤਕ ਕਰਨ ਕਿਉਕਿ ਅਸੀ ਪੰਜਾਬ ਸਰਕਾਰ ਦੇ ਆਂਕੜੇ ਜਾਰੀ ਕਰ ਚੁੱਕੇ ਹਾਂ। ਅੱਜ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਵਿਸੇਸ਼ ਦੌਰੇ ਦੌਰਾਨ ਉਹ ਹਲਕਾ ਵਿਧਾਇਕ ਸ.ਹਰਜੋਤ ਸਿੰਘ ਬੈਂਸ ਦੇ ਨਾਲ ਪ੍ਰਭਾਵਿਤ ਖੇਤਰਾਂ ਵਿਚ ਪਹੁੰਚ ਕੇ ਹੋਏ ਨੁਕਸਾਨ ਦਾ ਜਾਇਜਾ ਲੈ ਰਹੇ ਸਨ। ਉਨ੍ਹਾਂ ਨੇ ਪ੍ਰਭਾਵਿਤ ਪਰਿਵਾਰਾ ਨੂੰ ਮਿਲ ਕੇ ਕਿਹਾ ਕਿ ਹਰ ਨੁਕਸਾਨ ਦੀ ਭਰਪਾਈ ਕੀਤੀ ਜਾਵੇਗੀ, ਲੋਕਾਂ ਦੇ ਮਕਾਨਾਂ, ਪਸ਼ੂ ਧੰਨ, ਫਸਲਾਂ ਦੇ ਨੁਕਸਾਨ ਦਾ ਮੁਆਵਜਾ ਦਿੱਤਾ ਜਾਵੇਗਾ। ਸੜਕਾਂ, ਪੁਲਾਂ ਦੀ ਉਸਾਰੀ ਮੁੜ ਕਰਵਾਈ ਜਾਵੇਗੀ, ਜਿਹੜੇ ਪਿੰਡਾਂ ਵਿੱਚ ਹੜ੍ਹਾਂ ਕਾਰਨ ਵੱਧ ਨੁਕਸਾਨ ਹੋਇਆ ਹੈ, ਉਨ੍ਹਾਂ ਪਿੰਡਾਂ ਦਾ ਸਰਵੇ ਹੋ ਰਿਹਾ ਹੈ, ਵਿਸੇਸ਼ ਗਿਰਦਾਵਰੀ ਕਰਵਾਈ ਜਾ ਰਹੀ ਹੈ, ਹਰ ਨੁਕਸਾਨ ਲਈ ਪੰਜਾਬ ਦੇ ਮੁੱਖ ਮੰਤਰੀ ਸੰਜੀਦਾਂ ਹਨ ਤੇ ਲੋਕਾਂ ਦੇ ਨੁਕਸਾਨ ਦੀ ਭਰਪਾਈ ਕੀਤੀ ਜਾਵੇਗੀ। ਪੰਜਾਬ ਸਰਕਾਰ ਵੱਲੋਂ ਇਸ ਦੇ ਲਈ ਪੂਰੀ ਤਰਾਂ ਵਚਨਬੱਧ ਹੈ। ਉਨ੍ਹਾਂ ਨੇ ਕਿਹਾ ਕਿ ਮੌਕੇ ਤੇ ਆ ਕੇ ਦੇਖਿਆ ਹੈ ਪਹਾੜਾ ਵਿਚ ਪਏ ਮੀਹ ਨਾਲ ਦਰਿਆਵਾ ਨਹਿਰਾਂ ਨੇ ਲੋਕਾਂ ਦਾ ਬਹੁਤ ਨੁਕਸਾਨ ਕੀਤਾ ਹੈ। ਫਸਲਾਂ ਦੇ ਨਾਲ ਨਾਲ ਜ਼ਮੀਨਾਂ ਵੀ ਹੜ੍ਹ ਗਈਆਂ ਹਨ, ਖੇਤਾਂ ਵਿਚ ਰੇਤ ਭਰ ਗਈ ਹੈ। ਉਨ੍ਹਾਂ ਨੇ ਕਿਹਾ ਕਿ ਸ.ਹਰਜੋਤ ਸਿੰਘ ਬੈਂਸ ਨੇ ਓਪਰੇਸ਼ਨ ਰਾਹਤ ਚਲਾ ਕੇ ਲੋਕਾਂ ਨੂੰ ਤੁਰੰਤ ਰਾਹਤ ਦੇਣ ਦਾ ਉਪਰਾਲਾ ਕੀਤਾ ਹੈ, ਇਸ ਅਭਿਆਨ ਵਿੱਚ ਪੰਚਾਂ, ਸਰਪੰਚਾਂ, ਨੌਜਵਾਨਾਂ, ਆਪ ਵਲੰਟੀਅਰਾਂ ਨੇ ਜਿਕਰਯੋਗ ਭੂਮਿਕਾ ਨਿਭਾਈ ਹੈ। ਵਿੱਤ ਮੰਤਰੀ ਨੇ ਕਿਹਾ ਕਿ ਦਰਿਆਵਾਂ ਨੂੰ ਚੈਨੇਲਾਈਜ਼ ਕਰਨ ਦੀ ਜਰੂਰਤ ਹੈ ਅਤੇ ਇਸ ਨਾਲ ਹੀ ਇਹ ਇਲਾਕਾ ਹੜ੍ਹਾਂ ਦੀ ਮਾਰ ਤੋਂ ਸੁਰੱਖਿਅਤ ਰਹੇਗਾ। ਉਨ੍ਹਾਂ ਨੇ ਕਿਹਾ ਕਿ ਜਿਹੜੇ ਪੁਲ, ਸੜਕਾਂ ਤੇ ਡੰਗੇ ਨੁਕਸਾਨੇ ਗਏ ਪ ਜਿਹੜੀਆਂ ਪੁਲੀਆਂ ਛੋਟੀਆਂ ਹਨ, ਉਨ੍ਹਾਂ ਦਾ ਵਿਸਥਾਰ ਕੀਤਾ ਜਾਵੇਗਾ। ਸਾਡੀ ਸਰਕਾਰ ਨੇ ਗੈਰ ਕਾਨੂੰਨੀ ਮਾਈਨਿੰਗ ਪੂਰੀ ਤਰਾਂ ਬੰਦ ਕੀਤੀ ਹੋਈ ਹੈ ਅਤੇ ਇਸ ਬਾਰੇ ਜੀਰੋ ਟੋਲਰੈਂਸ ਅਪਨਾਈ ਹੋਈ ਹੈ। ਉਨ੍ਹਾਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲ ਪੰਜਾਬ ਸਰਕਾਰ ਦਾ 60 ਹਜਾਰ ਕਰੋੜ ਰੁਪਏ ਜੀਐਸਟੀ ਅਤੇ ਆਰਡੀਐਫ ਦਾ ਬਕਾਇਆ ਹੈ ਅਤੇ ਅਸੀ 20 ਹਜਾਰ ਕਰੋੜ ਰੁਪਏ ਅੰਤਰਿਮ ਰਾਹਤ ਦੀ ਮੰਗ ਕੀਤੀ ਹੈ। ਕੁੱਲ 80 ਹਜ਼ਾਰ ਕਰੋੜ ਰੁਪਏ ਕੇਂਦਰ ਸਰਕਾਰ ਨੂੰ ਜਾਰੀ ਕਰਕੇ ਪੰਜਾਬ ਦੇ ਜ਼ਖਮਾ ਤੇ ਮੰਰਮ ਲਗਾਉਣੀ ਚਾਹੀਦੀ ਹੈ, ਜੋ ਰਾਹਤ ਰਾਸ਼ੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਕੇ ਗਏ ਹਨ, ਉਸ ਨਾਲ ਪੰਜਾਬ ਦਾ ਭਲਾ ਨਹੀ ਹੋ ਸਕਦਾ। ਸ.ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਪੰਜਾਬ ਨੇ ਕਿਹਾ ਕਿ ਅੱਜ ਵਿੱਤ ਮੰਤਰੀ ਦੇ ਨਾਲ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ ਹੈ। ਅਸੀ ਪਿਛਲੇ ਕਈ ਹਫਤਿਆਂ ਤੋਂ ਵਾਰ ਵਾਰ ਪ੍ਰਭਾਵਿਤ ਪਿੰਡਾਂ ਵਿਚ ਜਾ ਰਹੇ ਹਾਂ, ਜਿੱਥੇ ਪਾਣੀ ਨੇ ਸੜਕਾਂ ਦਾ ਨੈਟਵਰਕ ਤੋੜ ਦਿੱਤਾ ਹੈ, ਪੁਲ ਨੁਕਸਾਨੇ ਗਏ ਹਨ, ਰਾਹਤ ਤੇ ਬਚਾਅ ਲਈ ਲਗਾਏ ਡੰਗੇ ਹੜ੍ਹ ਗਏ ਹਨ, ਅਸੀ ਆਰਜ਼ੀ ਮੁਰੰਮਤ ਦਾ ਕੰਮ ਕਰ ਰਹੇ ਹਾਂ। ਨੁਕਸਾਨੇ ਘਰਾਂ ਅਤੇ ਹੋਰ ਨੁਕਸਾਨੇ ਸਮਾਨ ਲਈ ਰਾਹਤ ਵੀ ਦੇ ਰਹੇ ਹਾਂ। ਪਰ ਇਸ ਵਿੱਚ ਸਰਕਾਰ ਦੀ ਵੱਡੀ ਭੂਮਿਕਾ ਹੈ, ਇਸ ਲਈ ਅੱਜ ਵਿੱਤ ਮੰਤਰੀ ਮੌਕੇ ਤੇ ਆਏ ਹਨ ਅਤੇ ਉਨ੍ਹਾਂ ਨੇ ਪੁਲਾਂ, ਸੜਕਾਂ, ਡੰਗਿਆਂ ਦੇ ਨਿਰਮਾਣ ਅਤੇ ਮੁਰੰਮਤ ਲਈ ਹਰ ਤਰਾਂ ਦੀ ਮੱਦਦ ਕਰਨ ਦਾ ਭਰੋਸਾ ਦਿੱਤਾ ਹੈ। ਜਿਹੜੇ ਘਰਾਂ ਦਾ ਫਰਨੀਚਰ ਜਾਂ ਹੋਰ ਸਮਾਨ ਖਰਾਬ ਹੋਇਆ ਹੈ, ਉਨ੍ਹਾਂ ਦੀ ਵੀ ਮੱਦਦ ਕਰ ਰਹੇ ਹਾਂ। ਫਰਨੀਚਰ ਵੀ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਅਗਲੇ ਦਿਨਾਂ ਵਿੱਚ ਕਰੋੜਾਂ ਰੁਪਏ ਦੀ ਲਾਗਤ ਨਾਲ ਇਸ ਇਲਾਕੇ ਵਿਚ ਪੁਲ, ਸੜਕਾਂ ਅਤੇ ਕਰੇਟ ਵਾਲ ਲਗਾਏ ਜਾਣਗੇ। ਆਪ ਵਲੰਟੀਅਰ ਲੋੜਵੰਦਾਂ ਤੱਕ ਰਾਹਤ ਸਮੱਗਰੀ ਪਹੁੰਚਾ ਰਹੇ ਹਨ, ਮੈਡੀਕਲ ਟੀਮਾ ਅਤੇ ਵੈਟਨਰੀ ਡਾਕਟਰ ਇਨ੍ਹਾਂ ਪਿੰਡਾਂ ਵਿੱਚ ਸਿਹਤ ਸੇਵਾਵਾਂ ਉਪਲੱਬਧ ਕਰਵਾ ਰਹੇ ਹਨ। ਭਿਆਨਕ ਬਿਮਾਰੀਆਂ ਨਾਲ ਪੀੜਤ ਮਰੀਜ਼ਾਂ ਦਾ ਸਰਕਾਰ ਦੇ ਖਰਚੇ ਤੇ ਇਲਾਜ ਕਰਵਾਇਆ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਹਾਲਾਤ ਆਮ ਵਰਗੇ ਹੋਣ ਮਗਰੋ ਅਸੀ ਰਾਹਤ ਕਾਰਜਾਂ ਵਿਚ ਹੋਰ ਤੇਜੀ ਲਿਆਵਾਗੇ। ਸਾਡੇ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਨੇ ਨੁਕਸਾਨੀਆਂ ਫਸਲਾਂ ਲਈ ਤੁਰੰਤ ਸਪੈਸ਼ਲ ਗਿਰਦਾਵਰੀ ਕਰਨ ਦੇ ਹੁਕਮ ਦਿੱਤੇ ਹਨ ਅਤੇ ਅਧਿਕਾਰੀ ਜ਼ਮੀਨ ਤੇ ਕੰਮ ਕਰ ਰਹੇ ਹਨ।





# ਭਾਜਪਾ ਤੇ ਆਪ ਦੇ ਟਕਰਾਅ ਕਾਰਨ ਪੰਜਾਬ ਨੂੰ ਨੁਕਸਾਨ ਹੋਇਆ : ਵੜਿੰਗ

## ਸੰਗਰੂਰ ਵਿੱਚ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਕੀਤਾ ਦੌਰਾ

ਐਸ. ਕੇ. ਸਕਸੈਨਾ

ਸੰਗਰੂਰ, ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਹੈ ਕਿ ਪੰਜਾਬ ਇਸ ਲਈ ਪ੍ਰੇਸ਼ਾਨੀਆਂ ਦਾ ਸਾਹਮਣਾ ਕਰ ਰਿਹਾ ਹੈ, ਕਿਉਂਕਿ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਸੂਬਾ ਸਰਕਾਰ ਅਤੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵਿਚਕਾਰ ਬਹੁਤ ਜ਼ਿਆਦਾ ਟਕਰਾਅ ਹੈ। ਇਸ ਲੜੀ ਹੇਠ, ਵੜਿੰਗ ਨੇ ਅੱਜ ਸੰਗਰੂਰ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨਾਲ ਸੂਬਾ ਕਾਂਗਰਸ ਦੇ ਜਨਰਲ ਸਕੱਤਰ-ਸੰਗਠਨ ਕੈਪਟਨ ਸੰਦੀਪ ਸੰਧੂ, ਸੁਰਿੰਦਰਪਾਲ ਸਿੰਘ ਸਿਵੀਆ, ਰਾਹੁਲ ਭੱਠਲ, ਦੁਰਲਭ ਸਿੱਧੂ, ਸਨਮੀਕ ਹੈਨਰੀ, ਜਸਵਿੰਦਰ ਸਿੰਘ ਧੀਮਾਨ, ਅਵਤਾਰ ਗਾਗਾ ਸਣੇ ਹੋਰ ਪਾਰਟੀ ਦੇ ਸੀਨੀਅਰ ਆਗੂ ਵੀ ਸਨ। ਸੂਬਾ ਕਾਂਗਰਸ ਪ੍ਰਧਾਨ ਨੇ ਚੰਦੂ, ਮਕਰੂਰ ਸਾਹਬ ਅਤੇ ਮੂਨਕ ਇਲਾਕਿਆਂ ਦਾ ਦੌਰਾ ਕੀਤਾ, ਜਿੱਥੇ ਹੜ੍ਹਾਂ ਤੋਂ ਪ੍ਰਭਾਵਿਤ ਲੋਕਾਂ ਨੇ ਉਨ੍ਹਾਂ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਨੇ ਹੜ੍ਹ ਦੇ ਪਾਣੀ ਦੀ ਨਿਕਾਸੀ ਲਈ ਲੋਕਾਂ ਨੂੰ ਕੁਝ ਵਿੱਤੀ ਸਹਾਇਤਾ ਵੀ ਪ੍ਰਦਾਨ ਕੀਤੀ। ਇਸ ਦੌਰਾਨ ਵੜਿੰਗ ਨੇ ਮੌਕੇ 'ਤੇ ਸੰਗਰੂਰ ਦੇ ਡਿਪਟੀ ਕਮਿਸ਼ਨਰ ਨਾਲ ਵੀ ਗੱਲ ਕੀਤੀ ਅਤੇ ਉਨ੍ਹਾਂ ਨੂੰ ਅਪੀਲ ਕੀਤੀ ਕਿ ਹੜ੍ਹਾਂ ਦੇ ਪਾਣੀ ਨੂੰ ਜਲਦੀ ਤੋਂ ਜਲਦੀ ਬਾਹਰ ਕੱਢਣਾ ਯਕੀਨੀ ਬਣਾਇਆ ਜਾਵੇ, ਤਾਂ ਜੋ ਖੜ੍ਹੀਆਂ ਫਸਲਾਂ ਨੂੰ ਬਚਾਇਆ ਜਾ ਸਕੇ। ਜਦਕਿ ਬਾਅਦ ਵਿੱਚ ਪੱਤਰਕਾਰਾਂ ਨਾਲ ਗੈਰ-ਰਸਮੀ ਗੱਲਬਾਤ ਦੌਰਾਨ ਉਨ੍ਹਾਂ ਕਿਹਾ ਕਿ ਉਹ ਹੜ੍ਹਾਂ 'ਤੇ ਕੋਈ ਰਾਜਨੀਤੀ ਨਹੀਂ ਕਰਨਾ ਚਾਹੁੰਦੇ ਹਨ, ਲੇਕਿਨ ਸੂਬਾ ਅਤੇ ਕੇਂਦਰ ਦੀਆਂ ਸਰਕਾਰਾਂ ਕਈ ਮੋਰਚਿਆਂ 'ਤੇ ਪੂਰੀ ਤਰ੍ਹਾਂ ਫੇਲ੍ਹ ਰਹੀਆਂ ਹਨ। ਉਨ੍ਹਾਂ ਕਿਹਾ ਕਿ ਦੋਵਾਂ ਸਰਕਾਰਾਂ ਵਿਚਕਾਰ ਕੋਈ ਤਾਲਮੇਲ ਨਹੀਂ ਸੀ, ਸਗੋਂ ਇਹ ਇੱਕ ਦੂਜੇ ਨੂੰ ਚੁਣੌਤੀ ਦੇ ਰਹੀਆਂ ਸਨ। ਉਨ੍ਹਾਂ ਕਿਹਾ ਕਿ ਇਸ ਨਾਲ ਪੰਜਾਬੀਆਂ ਨੂੰ ਦੁੱਖ ਝੱਲਣਾ ਪਿਆ ਹੈ। ਕਿਉਂਕਿ ਪੰਜਾਬ ਦੋਵਾਂ ਪਾਰਟੀਆਂ ਅਤੇ ਦੋ ਸਰਕਾਰਾਂ ਦੇ ਟਕਰਾਅ ਵਾਲੇ ਹਿੱਤਾਂ ਵਿਚਕਾਰ ਫਸਿਆ ਹੋਇਆ ਸੀ। ਸੂਬਾ ਕਾਂਗਰਸ ਪ੍ਰਧਾਨ ਨੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਉਹ ਕਾਂਗਰਸ ਦੇ ਸਮੁੱਚੇ ਅਹੁਦੇਦਾਰਾਂ ਨਾਲ ਉਨ੍ਹਾਂ ਦੇ ਨਿਰੰਤਰ ਸੰਪਰਕ ਵਿੱਚ ਰਹਿਣਗੇ ਅਤੇ ਜਦੋਂ ਵੀ ਉਨ੍ਹਾਂ ਨੂੰ ਕਿਸੇ ਚੀਜ਼ ਦੀ ਜ਼ਰੂਰਤ ਹੋਏਗੀ, ਤਾਂ ਪਾਰਟੀ ਵਰਕਰ ਉੱਥੇ ਮੌਜੂਦ ਰਹਿਣਗੇ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਨੇ ਕਣਕ ਦੀ ਬਿਜਾਈ ਪੂਰੀ ਹੋਣ ਤੱਕ ਲੋਕਾਂ, ਖਾਸ ਕਰਕੇ ਕਿਸਾਨਾਂ ਦੀ ਮਦਦ ਲਈ ਵਰਕਰਾਂ ਦੀਆਂ ਟੀਮਾਂ ਬਣਾਈਆਂ ਹਨ।



# ਸੰਤ ਸੀਚੇਵਾਲ ਵੱਲੋਂ ਮੁਸੀਬਤਾਂ ਦੇ ਹੜ੍ਹ ਵਿੱਚ ਲੋਕਾਂ ਨੂੰ ਇੱਕਜੁਟ ਹੋਣ ਦਾ ਸੱਦਾ

ਮਨਦੀਪ ਕੌਰ

ਸ਼ੁਲਤਾਨਪੁਰ ਲੋਧੀ, ਹੜ੍ਹ ਦਾ ਪਾਣੀ ਘੱਟਣ ਦੇ ਨਾਲ ਹੀ ਅਗਲੀ ਕਾਰ ਸੇਵਾ ਰਾਹੀ ਬੰਨ੍ਹ ਦਾ ਪਾੜ ਪੂਰਨ ਲਈ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪਿੰਡ ਆਹਲੀ ਕਲਾਂ ਤੇ ਖੁਰਦ ਦੇ ਲੋਕਾਂ ਨੂੰ ਨਾਲ ਲੈਕੇ ਵਿਉਂਤਬੰਦੀ ਕੀਤੀ।ਵੱਡੇ ਪੱਧਰ 'ਤੇ ਮੰਡ ਇਲਾਕੇ ਵਿੱਚ ਤਬਾਹੀ ਹੋਈ ਝੋਨੇ ਦੀ ਫਸਲ ਦੇ ਵਿੱਚੋਂ ਦੀ ਬੇੜੀ ਰਾਹੀ ਲੰਘਦਿਆ ਸੰਤ ਸੀਚੇਵਾਲ ਦੋਵੇਂ ਪਿੰਡਾਂ ਦੇ ਲੋਕਾਂ ਨੂੰ ਨਾਲ ਲੈਕੇ ਉਥੇ ਪਹੁੰਚੇ ਜਿੱਥੇ ਆਰਜ਼ੀ ਬੰਨ੍ਹ ਵਿੱਚ ਸਾਰੇ ਯਤਨਾਂ ਦੇ ਬਾਵਜੂਦ ਪਾੜ ਪੈ ਗਿਆ ਸੀ।ਇਸ ਪਾੜ ਨੂੰ ਪੂਰਨ ਲਈ ਸਾਂਝਾ ਸਲਾਹ ਮਸ਼ਵਰਾ ਕੀਤਾ ਗਿਆ।ਇਹ ਕਾਰਜ ਆਉਂਦੇ ਕੁਝ ਦਿਨਾਂ ਵਿੱਚ ਸ਼ੁਰੂ ਕਰ ਦਿੱਤਾ ਜਾਵੇਗਾ।ਬੰਨ੍ਹ ਨੂੰ ਪੂਰਨ ਲਈ ਪੰਜਾਬ ਭਰ ਦੇ ਲੋਕ ਟਰਾਲੀਆਂ ਭਰ ਕੇ ਮਿੱਟੀ ਅਤੇ ਖਾਲੀ ਬੋਰੇ ਲਿਆ ਰਹੇ ਹਨ।ਸੰਤ ਸੀਚੇਵਾਲ ਨੇ ਕਿਹਾ ਕਿ ਬੰਨ੍ਹ ਦਾ ਪਾੜ ਪੂਰਨ ਲਈ ਜਿਹੜੇ ਕਰੇਟ ਬਣਾਉਣ ਨੇ ਹਨ ਉਸ ਲਈ ਲੋਹੇ ਦੀ ਤਾਰ ਵੱਡੇ ਪੱਧਰ 'ਤੇ ਚਾਹੀਦੀ ਹੈ ਤੇ ਇਸੇ ਤਰ੍ਹਾਂ ਡੀਜ਼ਲ ਦੀ ਵੀ ਵੱਡੇ ਪੱਧਰ 'ਤੇ ਖਪਤ ਹੋਵੇਗੀ।ਉਨ੍ਹਾਂ ਨੇ ਇਹ ਸਾਰੀਆਂ ਵਸਤਾਂ ਲਈ ਪੰਜਾਬੀਆਂ ਨੂੰ ਦਿਲ ਖੋਹਲ ਕੇ ਦਾਨ ਕਰਨ ਦੀ ਅਪੀਲ ਕੀਤੀ। ਅਹਾਲੀ ਕਲਾਂ ਤੇ ਖੁਰਦ ਦੇ ਮੋਹਤਵਾਰ ਬੰਦਿਆ ਨਾਲ ਗੱਲਬਾਤ ਕਰਦਿਆ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਸੱਦਾ ਦਿੱਤਾ ਕਿ ਮੁਸੀਬਤਾਂ ਦੇ ਇਸ "ਹੜ੍ਹ"ਦਾ ਟਾਕਰਾ ਕਰਨ ਲਈ ਲੋਕ ਇੱਕਜੁਟ ਹੋਣ।ਉਨ੍ਹਾਂ ਕਿਹਾ ਕਿਹਾ ਕਿ ਸਾਰੀਆਂ ਸਮਸਿਆਵਾਂ ਦਾ ਹਲ ਹੋ ਸਕਦਾ ਹੈ,ਇਸ ਲਈ ਸਭ ਤੋਂ ਪਹਿਲਾਂ ਪਿੰਡਾਂ ਦਾ ਏਕਾ ਹੋਣਾ ਬੇਹੱਦ ਜਰੂਰੀ ਹੈ। ਸੰਤ ਸੀਚੇਵਾਲ ਨੇ ਇੰਨ੍ਹਾਂ ਦੋਹਾਂ ਪਿੰਡਾਂ ਦੇ ਲੋਕਾਂ ਦੇ ਜਜ਼ਬੇ ਨੂੰ ਸਲਾਮ ਕੀਤਾ ਜਿੰਨ੍ਹਾਂ ਨੇ ਆਖੀਰ ਤੱਕ ਬੰਨ੍ਹ ਨੂੰ ਬਚਾਉਣ ਲਈ ਪੂਰਾ ਜ਼ੋਰ ਲਾਈ ਰੱਖਿਆ।ਉਨ੍ਹਾਂ ਕਿਹਾ ਕਿ ਬੰਨ੍ਹ ਉਦੋਂ ਟੁਟਾ ਜਦੋਂ ਬਿਆਸ ਦਰਿਆ ਵਿੱਚ ਪਾਣੀ 2 ਲੱਖ ਕਿਊਸਿਕ ਨੂੰ ਵੀ ਪਾਰ ਕਰ ਗਿਆ ਸੀ।ਉਨ੍ਹਾਂ ਕਿਹਾ ਕਿ ਇਸ ਪਾੜ ਨੂੰ ਪੂਰਨ ਲਈ ਹਰ ਸੰਭਵ ਮੱਦਦ ਕੀਤੀ ਜਾਵੇਗੀ।ਇੰਨ੍ਹਾਂ ਦੋਵੇਂ ਪਿੰਡਾਂ ਨੂੰ ਪਹਿਲਾਂ ਹੀ ਐਕਸਾਵੇਟਰ ਮਸ਼ੀਨ ਦੀਆਂ ਸੇਵਾਵਾਂ ਦਿੱਤੀਆਂ ਜਾ ਚੁੱਕੀਆਂ ਹਨ।ਲੋੜ ਪੈਣ 'ਤੇ ਦੂਜੀ ਮਸ਼ੀਨ ਦਾ ਵੀ ਪ੍ਰਬੰਧ ਕਰ ਲਿਆ ਜਾਵੇਗਾ। ਝੋਨੇ ਦੀ ਤਬਾਹ ਹੋਈ ਫਸਲ ਬਾਰੇ ਟਿੱਪਣੀ ਕਰਦਿਆ ਸੰਤ ਸੀਚੇਵਾਲ ਨੇ ਕਿਹਾ ਕਿ ਮੰਡ ਇਲਾਕੇ ਵਿੱਚ ਕਮਾਦ ਦੀ ਫਸਲ ਕਾਮਜਾਬ ਰਹਿ ਸਕਦੀ ਹੈ।ਦੂਰ-ਦੂਰ ਤੱਕ ਝੋਨੇ ਦੀ ਫਸਲ ਪਾਣੀ ਨੇ ਤਬਾਹ ਕੀਤੀ ਹੋਈ ਸੀ।ਉਨ੍ਹਾਂ ਕਿਹਾ ਕਿ ਕਿਸਾਨ ਬਦਲਵੀ ਖੇਤੀ ਬਾਰੇ ਸੋਚਣ।ਉਨ੍ਹਾਂ ਦੱਸਿਆ ਕਿ ਹੜ੍ਹ ਵਿੱਚ ਬਹੁਤੀਆਂ ਥਾਵਾਂ 'ਤੇ ਉਨ੍ਹਾਂ ਕਮਾਦ ਦੀ ਫਸਲ ਨੂੰ ਖੜੀ ਦੇਖਿਆ ਜਦ ਕਿ ਝੋਨੇ ਦੀ ਫਸਲ ਪੂਰੀ ਤਰ੍ਹਾਂ ਨਾਲ ਪਾਣੀ 'ਤੇ ਵਿਛੀ ਹੋਈ ਸੀ।ਰਾਜ ਸਭਾ ਮੈਂਬਰ ਨੇ ਕਿਹਾ ਕਿ ਕਮਾਦ ਬੀਜਣ ਨਾਲ ਹੜ੍ਹ ਨਾਲ ਫਸਲਾਂ ਦਾ ਨੁਕਸਾਨ ਘੱਟ ਹੋਵੇਗਾ।

## ਅਹਾਲੀ ਖੁਰਦ ਵਿੱਚ ਆਰਜ਼ੀ ਬੰਨ੍ਹ ਨੂੰ ਪਏ ਪਾੜ ਨੂੰ ਪੂਰਨ ਲਈ ਕੀਤੀ ਵਿਉਂਵੰਦੀ, ਸ਼ਤਲੁਜ ਦਰਿਆ ਦੇ ਘਟ ਰਹੇ ਪਾਣੀ ਨੇ ਆਰਜ਼ੀ ਬੰਨ੍ਹ ਨੂੰ ਲਾਈ ਢਾਅ

# ਸ਼੍ਰੀ ਆਨੰਦਪੁਰ ਸਾਹਿਬ ਵਿੱਚ ਹੜ੍ਹ ਪੀੜ੍ਹਤਾਂ ਦੀ ਸਹਾਇਤਾ ਵਿੱਚ ਜੁਟੇ ਭਾਜਪਾ ਉਪ ਪ੍ਰਧਾਨ ਡਾ. ਸੁਭਾਸ਼ ਸ਼ਰਮਾ

## ਹੜ੍ਹ ਪੀੜਤਾਂ ਨੂੰ ਰਾਹਤ ਬਣੇਗੀ ਭਾਜਪਾ ਦੀ ਪ੍ਰਾਥਮਿਕਤਾ: ਡਾ. ਸੁਭਾਸ਼ ਸ਼ਰਮਾ, ਪੰਜਾਬ ਨੂੰ ਦਿੱਤੇ ਪੈਕੇਜ ਨੂੰ ਲੈ ਕੇ ਸ਼੍ਰੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਜਤਾਇਆ ਆਭਾਰ

ਕੈਪਟਨ ਸੁਭਾਸ਼ ਚੰਦਰ

ਚੰਡੀਗੜ੍ਹ, ਹਾਲ ਹੀ ਵਿੱਚ ਆਈ ਭਿਆਨਕ ਬਾੜ੍ਹ (ਹੜ੍ਹਾ) ਨੇ ਸ਼੍ਰੀ ਆਨੰਦਪੁਰ ਸਾਹਿਬ ਵਿਧਾਨ ਸਭਾ ਖੇਤਰ ਦੇ ਨਾਨਗਰਾਂ, ਬੇਲਾ ਧਿਆਨੀ, ਭਨਾਮ, ਬੁੰਗਾ, ਕਲਿਆਣਪੁਰ ਅਤੇ ਪਲਾਸੀ ਸਮੇਤ ਅਨੇਕਾਂ ਪਿੰਡਾਂ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰ ਦਿੱਤਾ ਹੈ। ਫਸਲਾਂ ਬਰਬਾਦ ਹੋ ਗਈਆਂ, ਘਰਾਂ ਵਿੱਚ ਪਾਣੀ ਭਰ ਗਿਆ ਅਤੇ ਲੋਕਾਂ ਦਾ ਜਨ ਜੀਵਨ ਅਸਤ-ਵਿਅਸਤ ਹੋ ਗਿਆ। ਪਿੰਡ ਵਾਸੀ ਰੋਜ਼ਮਰ੍ਹਾ ਦੀਆਂ ਜ਼ਰੂਰਤਾਂ ਤੋਂ ਲੈ ਕੇ ਸੁਰੱਖਿਅਤ ਆਸ਼ਿਆਨੇ ਤੱਕ ਲਈ ਜੂਝ ਰਹੇ ਹਨ। ਇਸ ਆਫ਼ਤ ਨਾਲ ਹਤਾਸ਼ ਹੜ੍ਹ ਪੀੜਤਾਂ ਦੀ ਆਵਾਜ਼ ਸੁਣਨ ਅਤੇ ਉਨ੍ਹਾਂ ਨੂੰ ਰਾਹਤ ਦੇਣ ਲਈ ਭਾਜਪਾ ਦੇ ਸੂਬਾਈ ਉਪ ਪ੍ਰਧਾਨ ਡਾ. ਸੁਭਾਸ਼ ਸ਼ਰਮਾ ਖੁਦ ਪਿੰਡ-ਪਿੰਡ ਪਹੁੰਚ ਰਹੇ ਹਨ। ਡਾ. ਸ਼ਰਮਾ ਨੇ ਪ੍ਰਭਾਵਿਤ ਪਰਿਵਾਰਾਂ ਨਾਲ ਮਿਲ ਕੇ ਉਹਨਾਂ ਦਾ ਹਾਲ-ਚਾਲ ਪੁੱਛਿਆ ਅਤੇ ਰਾਹਤ ਸਮੱਗਰੀ ਵੰਡਾਈ। ਉਨ੍ਹਾਂ ਨੇ ਖੇਤਾਂ ਵਿੱਚ ਪਾਣੀ ਨਾਲ ਹੋਏ ਨੁਕਸਾਨ ਅਤੇ ਘਰਾਂ ਦੇ ਨੁਕਸਾਨ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਉਹਨਾਂ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ। ਉਨ੍ਹਾਂ ਨੇ ਤੁਰੰਤ ਸੰਬੰਧਤ ਅਧਿਕਾਰੀਆਂ ਨਾਲ ਸੰਪਰਕ ਕਰ ਸਮੱਸਿਆਵਾਂ ਦਾ ਹੱਲ ਕਰਨ ਦੀ ਅਪੀਲ ਕੀਤੀ ਅਤੇ ਕਿਹਾ ਕਿ ਭਾਜਪਾ ਅਤੇ ਕੇਂਦਰ ਸਰਕਾਰ ਹਰ ਹਾਲਤ ਵਿੱਚ ਜਨਤਾ ਦੇ ਨਾਲ ਖੜ੍ਹੀ ਹੈ। ਡਾ. ਸ਼ਰਮਾ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਪੰਜਾਬ ਲਈ ਪਹਿਲਾਂ ਹੀ 12,000 ਕਰੋੜ ਰੁਪਏ ਆਫ਼ਤ ਪ੍ਰਬੰਧਨ ਲਈ ਮਨਜ਼ੂਰ ਕੀਤੇ ਸਨ ਅਤੇ ਹੁਣ ਵਾਧੂ 1,600 ਕਰੋੜ ਰੁਪਏ ਦਾ ਫੌਰੀ ਰਾਹਤ ਪੈਕੇਜ ਵੀ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਕੇਂਦਰ ਸਰਕਾਰ ਦੀ ਸੰਵੇਦਨਸ਼ੀਲਤਾ ਅਤੇ ਪੰਜਾਬ ਦੇ ਲੋਕਾਂ ਪ੍ਰਤੀ ਡੂੰਘੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਨੇ ਯਕੀਨ ਦਿਵਾਇਆ ਕਿ ਫਸਲਾਂ, ਪਸ਼ੂਆਂ ਅਤੇ ਮਕਾਨਾਂ ਦੇ ਹੋਏ ਨੁਕਸਾਨ ਦਾ ਪੂਰਾ ਮੁਆਵਜ਼ਾ ਪ੍ਰਭਾਵਿਤ ਪਰਿਵਾਰਾਂ ਤੱਕ ਪਹੁੰਚਾਇਆ ਜਾਵੇਗਾ।

ਪਿੰਡ ਵਾਸੀਆਂ ਦੀ ਆਵਾਜ਼ - ਬੇਲਾ ਧਿਆਨੀ ਪਿੰਡ ਵਿੱਚ ਪਿੰਡ ਵਾਸੀਆਂ ਨੇ ਦੱਸਿਆ ਕਿ ਪੱਕਾ ਪੁਲ ਨਾ ਹੋਣ ਕਾਰਨ ਬਾੜ੍ਹ ਦੇ ਸਮੇਂ ਉਹਨਾਂ ਦੀਆਂ ਮੁਸ਼ਕਲਾਂ ਕਈ ਗੁਣਾ ਵੱਧ ਜਾਂਦੀਆਂ ਹਨ। ਡਾ. ਸ਼ਰਮਾ ਨੇ ਭਰੋਸਾ ਦਿਵਾਇਆ ਕਿ ਇਸ ਮਾਮਲੇ ਨੂੰ ਉਹ ਕੇਂਦਰ ਸਰਕਾਰ ਤੱਕ ਪਹੁੰਚਾ ਕੇ ਜਲਦੀ ਮਸਲਾ ਹੱਲ ਕਰਵਾਉਣ ਦੀ ਕੋਸ਼ਿਸ਼ ਕਰਨਗੇ। ਇਸੇ ਤਰ੍ਹਾਂ ਪਲਾਸੀ ਪਿੰਡ ਵਿੱਚ ਡੰਗੇ (ਬਾੜ੍ਹ ਸੁਰੱਖਿਆ ਬੰਨ੍ਹ) ਦੀ ਸਮੱਸਿਆ ਨੂੰ ਲੈ ਕੇ ਲੋਕਾਂ ਨੇ ਚਿੰਤਾ ਜ਼ਾਹਰ ਕੀਤੀ।

ਡਾ. ਸ਼ਰਮਾ ਨੇ ਮੌਕੇ 'ਤੇ ਹੀ ਅਧਿਕਾਰੀਆਂ ਨਾਲ ਗੱਲ ਕਰਕੇ ਇਸ ਸਮੱਸਿਆ ਦੇ ਤੁਰੰਤ ਹੱਲ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਵਿਜ਼ਨ "ਸਭ ਦਾ ਸਾਥ, ਸਭ ਦਾ ਵਿਕਾਸ ਅਤੇ ਸਭ ਦਾ ਵਿਸ਼ਵਾਸ"ਸਿਰਫ਼ ਨਾਰਾ ਨਹੀਂ ਬਲਕਿ ਜ਼ਮੀਨ 'ਤੇ ਦਿਖਾਈ ਦੇਣ ਵਾਲਾ ਸੰਕਲਪ ਹੈ। ਕੇਂਦਰ ਸਰਕਾਰ ਪੰਜਾਬ ਨੂੰ ਇਸ ਆਫ਼ਤ ਤੋਂ ਉਭਾਰਨ ਲਈ ਹਰ ਸੰਭਵ ਕਦਮ ਚੁੱਕ ਰਹੀ ਹੈ। ਪਿੰਡਾਂ ਦੇ ਦੌਰੇ ਤੋਂ ਬਾਅਦ ਉਨ੍ਹਾਂ ਨੇ ਨੰਗਲ ਦੇ ਸ਼੍ਰੀ ਲਕਸ਼ਮੀ ਨਾਰਾਇਣ ਮੰਦਰ ਦਾ ਵੀ ਦੌਰਾ ਕੀਤਾ, ਜਿਸ ਨੂੰ ਸਤਲੁਜ ਝੀਲ ਦੇ ਉਫ਼ਾਨ ਨਾਲ ਨੁਕਸਾਨ ਪਹੁੰਚਿਆ ਹੈ। ਉਨ੍ਹਾਂ ਨੇ ਸ਼੍ਰੀ ਸਨਾਤਨ ਧਰਮ ਸਭਾ ਦੇ ਪ੍ਰਧਾਨ ਰਮੇਸ਼ ਗੁਲਾਟੀ ਅਤੇ ਹੋਰ ਆਗੂਆ ਨੂੰ ਭਰੋਸਾ ਦਿਵਾਇਆ ਕਿ ਜਲਦੀ ਹੀ ਮੰਦਰ ਦੀ ਸੁਰੱਖਿਆ ਲਈ ਜ਼ਰੂਰੀ ਕੰਮ ਸ਼ੁਰੂ ਕਰਨ ਤੋਂ ਪਹਿਲਾਂ ਆਈ.ਈ.ਟੀ. ਰੂਪਨਗਰ ਦੇ ਵਿਸ਼ੇਸ਼ਗਿਆਨਾਂ ਤੋਂ ਭੂ-ਸਰਵੇ ਕਰਵਾਇਆ ਜਾਵੇਗਾ। ਇਸ ਦੌਰਾਨ ਉਨ੍ਹਾਂ ਨੇ ਭਾਖੜਾ ਬਿਆਸ ਪ੍ਰਬੰਧ ਬੋਰਡ ਦੇ ਚੇਅਰਮੈਨ ਨਾਲ ਵੀ ਗੱਲ ਕੀਤੀ ਅਤੇ ਕਿਹਾ ਕਿ ਬੀ.ਬੀ.ਐਮ.ਬੀ. ਵੀ ਜ਼ਰੂਰ ਮੰਦਰ ਦੀ ਸੁਰੱਖਿਆ ਲਈ ਯੋਗਦਾਨ ਯਕੀਨੀ ਬਣਾਏ।





# ਐਸਐਸਐਮ ਕਾਲਜ ਦੀਨਾਨਗਰ ਪਹੁੰਚਣ 'ਤੇ ਪ੍ਰਸਿੱਧ ਗਾਇਕ ਜਤਿੰਦਰ ਮਾਨ ਦਾ ਸਵਾਗਤ ਕੀਤਾ ਗਿਆ

ਦੀਨਾਨਗਰ, (ਸੋਨੂ, ਰਵਿੰਦਰ)-- ਯੂਥ ਕਲੱਬ ਉਦੀਪੁਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੀਰ ਬਾਬਾ ਮੱਲੇ ਸ਼ਾਹ ਜੀ ਦੀ ਯਾਦ ਵਿੱਚ ਇੱਕ ਸੱਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਕੀਤਾ ਜਾ ਰਿਹਾ ਹੈ, ਪਰ ਇਸ ਵਾਰ ਹੜ੍ਹ ਆਪਦਾ ਕਾਰਨ ਇਹ ਪ੍ਰੋਗਰਾਮ ਸਿਰਫ ਇੱਕ ਦਿਨ ਦਾ ਹੀ ਹੋ ਰਿਹਾ ਹੈ ਜਿਸ ਵਿੱਚ ਪੰਜਾਬ ਦੇ ਪ੍ਰਸਿੱਧ ਗਾਇਕ ਜਤਿੰਦਰ ਮਾਨ ਹਿੱਸਾ ਲੈਣਗੇ। ਇਸ ਤੋਂ ਪਹਿਲਾਂ ਗਾਇਕ ਜਤਿੰਦਰ ਮਾਨ ਦੇ ਐਸਐਸਐਮ ਕਾਲਜ ਪਹੁੰਚਣ 'ਤੇ ਪ੍ਰਿੰਸੀਪਲ ਡਾ. ਆਰ.ਕੇ. ਤੁਲੀ ਨੇ ਉਨ੍ਹਾਂ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਪ੍ਰੋ. ਸੁਬੀਰ ਰਗਬੋਤਰਾ, ਪ੍ਰੋ. ਪ੍ਰਬੋਧ ਗਰੋਵਰ ਅਤੇ ਪ੍ਰੋ. ਸੋਨੂੰ ਮੰਗੋਤਰਾ, ਤੇਜਿੰਦਰ ਸਿੰਘ ਆਦਿ ਮੌਜੂਦ ਸਨ।



# ਹੜ੍ਹ ਪੀੜਤਾਂ ਦੀ ਮਦਦ ਲਈ ਅੱਗੇ ਆਉਣ ਲਈ ਬੀਨੂੰ ਢਿੱਲੋਂ ਨੂੰ ਐਸਡੀਐਮ ਅਤੇ ਐਸਐਸਐਮ ਕਾਲਜ ਵੱਲੋਂ ਸਨਮਾਨਿਤ ਕੀਤਾ ਗਿਆ

ਦੀਨਾ ਨਗਰ, 8 ਸਤੰਬਰ(ਸੰਜੀਵ):-: ਪ੍ਰਸਿੱਧ ਪੰਜਾਬੀ ਕਲਾਕਾਰ ਬਿੰਨੂ ਢਿੱਲੋਂ ਨੇ ਗੁਰਦਾਸਪੁਰ ਜ਼ਿਲ੍ਹੇ ਵਿੱਚ ਭਾਰੀ ਹੜ੍ਹਾਂ ਕਾਰਨ ਦੁਖੀ ਆਮ ਲੋਕਾਂ ਦਾ ਹਾਲ ਜਾਣਿਆ, ਅਤੇ ਲੋਕਾਂ ਦੀ ਮੱਦਦ ਕੀਤੀ,ਲੋਕਾਂ ਦੀ ਮਦਦ ਕਰਨ ਲਈ, ਉਨ੍ਹਾਂ ਨੂੰ ਐਸਡੀਐਮ ਜਸਪਿੰਦਰ ਸਿੰਘ ਭੁੱਲਰ ਅਤੇ ਐਸਐਮਐਸ ਕਾਲਜ ਦੇ ਪ੍ਰਿੰਸੀਪਲ ਡਾਕਟਰ ਆਰ. ਕੇ. ਤੁਲੀ ਦੇ ਨਿਰਦੇਸ਼ਾਂ ਤੇ ਕਾਲਜ਼ ਸਟਾਫ ਵੱਲੋਂ ਯਾਦਗਾਰੀ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਇਲਾਕੇ ਵਿੱਚ ਭਾਰੀ ਹੜ੍ਹਾਂ ਕਾਰਨ, ਕਈ ਸਮਾਜ ਭਲਾਈ ਸੰਸਥਾਵਾਂ ਆਮ ਲੋਕਾਂ ਦੀ ਮਦਦ ਲਈ ਅੱਗੇ ਆਈਆਂ ਹਨ। ਇਸ ਤਰ੍ਹਾਂ ਹੀ ਪ੍ਰਸਿੱਧ ਪੰਜਾਬੀ ਕਲਾਕਾਰ ਬਿੰਨੂ ਢਿੱਲੋਂ ਵੀ ਹੜ੍ਹ ਪੀੜਤਾਂ ਦੀ ਮਦਦ ਲਈ ਵੱਡੀ ਮਾਤਰਾ ਵਿੱਚ ਰਾਹਤ ਸਮੱਗਰੀ ਲੈ ਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਪ੍ਰਭਾਵਿਤ ਲੋਕਾਂ ਨਾਲ ਆਪਣੀ ਹਮਦਰਦੀ ਪ੍ਰਗਟ ਕੀਤੀ। ਇਸ ਮੌਕੇ ਉਹ ਸਥਾਨਕ ਐਸਐਸਐਮ ਕਾਲਜ ਵਿੱਚ ਸਥਾਪਤ ਰਾਹਤ ਸਮੱਗਰੀ ਕੰਟਰੋਲ ਰੂਮ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਜਿੱਥੇ ਉਨ੍ਹਾਂ ਨੇ ਐਸਡੀਐਮ ਜਸਪਿੰਦਰ ਸਿੰਘ ਭੁੱਲਰ ਅਤੇ ਐੱਸ. ਐੱਸ. ਐੱਮ ਕਾਲਜ਼ ਦੇ ਸਟਾਫ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਅਤੇ ਆਪਣੇ ਨਾਲ ਲਿਆਂਦੀ ਰਾਹਤ ਸਮੱਗਰੀ ਸੌਂਪੀ। ਇਸ ਮੌਕੇ ਐਸਡੀਐਮ ਅਤੇ ਕਾਲਜ ਪ੍ਰਬੰਧਨ ਵੱਲੋਂ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੌਜੂਦ ਕਾਲਜ ਪ੍ਰੋਫੈਸਰ ਸੁਬੀਰ ਰਗਬੋਤਰਾ ਨੇ ਕਿਹਾ ਕਿ ਸਮਾਜ ਦੀ ਭਲਾਈ ਲਈ ਅੱਗੇ ਆਉਣ ਵਾਲੇ ਅਜਿਹੇ ਕਲਾਕਾਰ ਸ਼ਲਾਘਾਯੋਗ ਹਨ। ਉਨ੍ਹਾਂ ਪ੍ਰਿੰਸੀਪਲ ਡਾ. ਆਰ.ਕੇ. ਤੁਲੀ ਅਤੇ ਕਾਲਜ ਵੱਲੋਂ ਹੜ੍ਹ ਪੀੜਤਾਂ ਦੀ ਮਦਦ ਲਈ ਅੱਗੇ ਆਉਣ ਲਈ ਬਿੰਨੂ ਢਿੱਲੋਂ ਦਾ ਧੰਨਵਾਦ ਕੀਤਾ।



# ਸਿਵਲ ਹਸਪਤਾਲ ਪਠਾਨਕੋਟ ਤੇ CHSC ਘਰੋਟਾ ਹਸਪਤਾਲ ਦੇ ਵੱਲੋਂ ਲਗਾਇਆ ਗਿਆ ਬਜ਼ੁਰਗਾਂ ਦੇ ਵਿਹੜੇ ਵਿੱਚ ਮੁਫਤ ਜਰਨਲ ਮੈਡੀਕਲ ਚੈੱਕਅਪ ਕੈਂਪ

ਪਠਾਨਕੋਟ (ਸੋਨੂ, ਰਵਿੰਦਰ)-ਮਿਤੀ 8 ਸਿਤੰਬਰ 2025 ਨੂੰ ਬਜ਼ੁਰਗਾਂ ਦਾ ਵਿਹੜਾ ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਪਠਾਨਕੋਟ ਜੋ ਕਿ ਪਿਛਲੇ ਚਾਰ ਸਾਲ ਤੋਂ ਮਾਨਵਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਦੇ ਰਿਹਾ ।ਜਿਸ ਦੇ ਵਿੱਚ ਅੱਜ ਸਿਵਲ ਹਸਪਤਾਲ ਪਠਾਨਕੋਟ ਅਤੇ ਸੀਐਚਐਸਸੀ ਹਸਪਤਾਲ ਘਰੋਟਾ ਦੀ ਟੀਮ ਨੇ ਮਿਲ ਕੇ ਲਗਾਇਆ ਜਰਨਲ ਮੈਡੀਕਲ ਕੈਂਪ । ਜਿਸ ਵਿੱਚ ਡਾਕਟਰ ਸੰਦੀਪ ਬਾਲਾ ( RMO) ਡਾਕਟਰ ਤਨਵੀ ਬਰਦਵਾਜ (38®) ਅਤੇ ਮਮਤਾ ਮਹਾਜਨ ( RPO ) ਸੀਮਾ ਚੌਧਰੀ ( MPH) ਜੀ ਪਹੁੰਚੇ ਸਨ। ਉਹਨਾਂ ਨੇ ਬਜ਼ੁਰਗਾਂ ਦੇ ਨਾਲ ਦੁੱਖ ਸਾਂਝੇ ਕੀਤੇ ਉਹਨਾਂ ਦਾ ਹਾਲ ਚਾਲ ਜਾਣਿਆ । ਫਿਰ ਇਸ ਦੇ ਨਾਲ ਹੀ ਉਹਨਾਂ ਨੇ ਸ਼ੂਗਰ ਅਤੇ ਬੀ ਪੀ ਦੇ ਟੈਸਟ ਵੀ ਕੀਤੇ ।ਡਾਕਟਰ ਕਿਰਨ ਅਤੇ ਡਾਕਟਰ ਤਨਵੀ ਜੀ ਨੇ ਬਜ਼ੁਰਗਾਂ ਨੂੰ ਕਿਹਾ ਜੋ ਕੁੱਝ ਵੀ ਤੁਹਾਡੇ ਨਾਲ ਪਿੱਛੇ ਬੀਤਿਆ ਹੈ। ਤੁਹਾਨੂੰ ਉਸਨੂੰ ਰੱਬ ਦਾ ਭਾਣਾ ਸਮਝ ਕੇ ਭੁੱਲ ਜਾਣਾ ਚਾਹੀਦਾ ਹੈ। ਕਿਉਂਕਿ ਇਹ ਸਭ ਪਰਮਾਤਮਾ ਦਾ ਹੀ ਲਿਖਿਆ ਹੁੰਦਾ ਹੈ। ਜਿਸ ਕਰਕੇ ਸਾਨੂੰ ਹਮੇਸ਼ਾ ਪ੍ਰਮਾਤਮਾ ਦਾ ਸ਼ੁਕਰ ਕਰਨਾ ਚਾਹੀਦਾ ਹੈ। ਫਿਰ ਡਾਕਟਰ ਸੰਦੀਪ ਬਾਲਾ ਨੇ ਬਜ਼ੁਰਗਾਂ ਨੂੰ ਕਿਹਾ ਕਿ ਤੁਹਾਡਾ ਵੀ ਨਿਜੀ ਫਰਜ਼ ਬੰਦਾ ਹੈ ਕਿ ਤੁਸੀਂ ਸਮੇਂ-ਸਮੇਂ ਤੇ ਦਵਾਈ ਲਓ ਅਤੇ ਤੰਦਰੁਸਤ ਰਹੋ। ਇਸ ਦੇ ਨਾਲ ਹੀ ਡਾਕਟਰ CHSC ਘਰੋਟੇ ਦੀ ਸਾਰੀ ਟੀਮ ਨੇ ਆਸ਼ਰਮ ਵਿੱਚ ਕੀਟਨਾਸ਼ਕ ਸਪਰੇ ਕੀਤੀ ਉਹਨਾਂ ਨੇ ਕਿਹਾ ਕਿ ਪਾਣੀ ਵਾਰਿਸ ਹੋਣ ਕਰਕੇ ਹੜ ਆਉਣ ਕਰਕੇ ਜਿਹੜਾ ਇੱਕਠਾ ਹੋ ਗਿਆ ਹੈ। ਜਿਸ ਦੇ ਕਾਰਨ ਭਿਆਨਕ ਬਿਮਾਰੀਆਂ ਤੇ ਤਿਆਰ ਹੋ ਸਕਦੀਆਂ ਹਨ ਜਿਵੇਂ ਡੇਂਗੂ, ਮਲੇਰੀਆ ,ਵਰਗੀਆਂ ਭਿਆਨਕ ਬਿਮਾਰੀਆਂ ਵੀ ਲੱਗ ਸਕਦੀਆਂ ਹਨ ਇਸ ਕਰਕੇ ਸਾਨੂੰ ਆਪਣੀ ਸਿਹਤ ਦਾ ਧਿਆਨ ਰੱਖਣਾ ਚਾਹੀਦਾ ਹੈ ਅਤੇ ਇਸ ਦੇ ਨਾਲ ਨਾਲ ਸਾਨੂੰ ਆਪਣੇ ਆਲੇ ਦੁਆਲੇ ਦਾ ਵੀ ਧਿਆਨ ਰੱਖਣਾ ਚਾਹੀਦਾ ਹੈ।। ਕਿਉਂਕਿ ਜਾਨ ਹੈ ਤਾਂ ਜਹਾਨ ਹੈ।। ਫਿਰ ਆਈ ਹੋਈ ਸਾਰੀ ਟੀਮ ਨੇ ਆਸ਼ਰਮ ਪ੍ਰਬੰਧਕਾਂ ਨੂੰ ਕਿਹਾ ਕਿ ਇਥੇ ਤੁਹਾਡੇ ਸਾਰੇ ਹੀ ਬਜ਼ੁਰਗ ਬਹੁਤ ਖੁਸ਼ ਨਜ਼ਰ ਆ ਰਹੇ ਹਨ ।ਅਸੀਂ ਪੰਜਾਬ ਦੇ ਹੋਰ ਵੀ ਬਹੁਤ ਸਾਰੇ ਬ੍ਰਿਧ ਘਰਾਂ ਵਿੱਚ ਜਾਂਦੇ ਹਾਂ। ਪਰ ਜੋ ਖੁਸ਼ੀ ਸਾਨੂੰ ਇਸ ਬਿਰਧ ਘਰ ਵਿੱਚ ਆ ਕੇ ਮਿਲ ?ਦੀ ਹੈ ।ਅਸੀਂ ਉਸਨੂੰ ਆਪਣੇ ਸ਼ਬਦਾਂ ਦੇ ਰਾਹੀਂ ਬਿਆਨ ਨਹੀਂ ਕਰ ਸਕਦੇ ।ਸਾਰੀ ਗੱਲਬਾਤ ਸੁਣਨ ਤੋਂ ਬਾਅਦ ਉਹਨਾਂ ਨੇ ਆਸਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਜੀ ਨੂੰ ਕਿਹਾ ਕਿ ਅਸੀਂ ਤੁਹਾਨੂੰ ਇਹਨਾਂ ਬਜ਼ੁਰਗਾਂ ਦੀ ਫ ?ਰੀ ਦਵਾਇਆ ਵੀ ਮੁਹਈਆ ਕਰਵਾਵਾਂਗੇ। ਇਸ ਦੇ ਨਾਲ ਉਹਨਾਂ ਨੇ ਇਹ ਵਾਅਦਾ ਵੀ ਕੀਤਾ ਕਿ ਅਸੀਂ ਹਮੇਸ਼ਾ ਹੀ ਤੁਹਾਡੇ ਨਾਲ ਜੁੜੇ ਰਵਾਂਗੇ ਤੇ ਬਜ਼ੁਰਗਾਂ ਦੀ ਸੇਵਾ ਮਿਲ ਜੁਲ ਕੇ ਕਰਾਂਗੇ। ਫਿਰ ਆਈ ਹੋਈ ਟੀਮ ਦਾ ਆਸ਼ਰਮ ਪ੍ਰਬੰਧਕ/ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਅਤੇ ਪ੍ਰਧਾਨ ਸ੍ਰੀ ਸਤਨਾਮ ਸਿੰਘ ਸਤਨਾਮ ਸਿੰਘ ਜੀ ਹੋਣਾਂ ਨੇ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਤੇ ਆਸ਼ਰਮ ਸਮੂਹ ਸਟਾਫ ਕੁਆਰਡੀਨੇਟਰ ਮੈਡਮ ਇੰਦਰਜੀਤ ਕੌਰ ,ਸਵਿਤਾ ,ਰੂਪ ਰਾਣੀ ,ਰਾਜ ਰਾਣੀ ,ਪੂਜਾ ਦੇਵੀ, ਕਮਲੇਸ਼ ਕੁਮਾਰੀ, ਰਮੇਸ਼ ਚੰਦਰ ,ਵਿਪਨ ਕੁਮਾਰ ਆਦਿ ਮੌਜੂਦ ਸਨ।

# ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਹੜ੍ਹ ਪੀੜ੍ਹਤਾਂ ਦੀ ਮਦਦ ਲਈ ਹੱਥ ਵਧਾਇਆ, ਲੋੜਵੰਦਾਂ ਨੂੰ ਆਰਥਿਕ ਸਹਾਇਤਾ ਦੇ ਚੈੱਕ ਭੇਟ ਕੀਤੇ

## ਸਿਹਤ ਮੰਤਰੀ ਵੱਲੋਂ ਹੜ੍ਹ ਪ੍ਰਭਾਵਿਤ ਪਿੰਡ ਡੇਹਰੀਵਾਲ ਕਿਰਨ, ਰਣਸੀਕੇ ਤਿੱਲਾ, ਖੁਸ਼ਹਾਲਪੁਰ, ਰੱਤਾ ਅਤੇ ਸ਼ਾਹਪੁਰ ਜਾਜਨ ਦਾ ਦੌਰਾ

ਸੋਨੂ

ਡੇਰਾ ਬਾਬਾ ਨਾਨਕ/ਗੁਰਦਾਸਪੁਰ, - ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਅੱਜ ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਦੇ ਨਾਲ ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਪਿੰਡ ਡੇਹਰੀਵਾਲ ਕਿਰਨ, ਰਣਸੀਕੇ ਤਿੱਲਾ, ਖੁਸ਼ਹਾਲਪੁਰ, ਰੱਤਾ ਅਤੇ ਸ਼ਾਹਪੁਰ ਜਾਜਨ ਦਾ ਦੌਰਾ ਕੀਤਾ ਗਿਆ। ਇਸ ਮੌਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਆਪਣੀ ਨੇਕ ਕਮਾਈ ਵਿੱਚੋਂ ਅਤੇ ਆਪਣੇ ਸਾਥੀਆਂ ਦੇ ਸਹਿਯੋਗ ਨਾਲ ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ 50-50 ਹਜ਼ਾਰ ਰੁਪਏ ਦੀ ਆਰਥਿਕ ਸਹਾਇਤਾ ਦੇ ਚੈੱਕ ਦਿੱਤੇ ਗਏ। ਇਸ ਮੌਕੇ ਸਿਹਤ ਮੰਤਰੀ ਦੇ ਨਾਲ ਉਨ੍ਹਾਂ ਦੀ ਧਰਮ ਪਤਨੀ ਸ੍ਰੀਮਤੀ ਰੁਪਿੰਦਰਜੀਤ ਸੈਣੀ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ, ਐੱਸ.ਡੀ.ਐੱਮ. ਕਲਾਨੌਰ ਮੈਡਮ ਜਯੋਤਸਨਾ ਸਿੰਘ, ਐੱਸ.ਡੀ.ਐੱਮ. ਡੇਰਾ ਬਾਬਾ ਨਾਨਕ ਡਾ. ਆਦਿੱਤਯ ਸ਼ਰਮਾ, ਐੱਸ.ਡੀ.ਐੱਮ. ਫਤਹਿਗੜ੍ਹ ਚੂੜੀਆਂ ਗੁਰਮੰਦਰ ਸਿੰਘ, ਸਿਵਲ ਸਰਜਨ ਡਾ. ਜਸਵਿੰਦਰ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ। ਇਸ ਦੌਰੇ ਦੌਰਾਨ ਸਿਹਤ ਮੰਤਰੀ ਡਾ. ਬਲਬੀਰ ਸਿੰਘ ਉਨ੍ਹਾਂ ਹੜ੍ਹ ਪ੍ਰਭਾਵਿਤ ਪਰਿਵਾਰਾਂ ਦੇ ਘਰਾਂ ਵਿੱਚ ਗਏ ਜਿਨ੍ਹਾਂ ਦਾ ਹੜ੍ਹਾਂ ਕਾਰਨ ਬਹੁਤ ਨੁਕਸਾਨ ਹੋਇਆ ਹੈ। ਉਨ੍ਹਾਂ ਹੜ੍ਹ ਪੀੜ੍ਹਤਾਂ ਨੂੰ ਹੌਂਸਲਾ ਦਿੰਦਿਆਂ ਕਿਹਾ ਕਿ ਪੂਰੀ ਪੰਜਾਬ ਸਰਕਾਰ ਅਤੇ ਪੰਜਾਬੀ ਇਸ ਸੰਕਟ ਦੀ ਘੜੀ ਵਿੱਚ ਉਨ੍ਹਾਂ ਦੇ ਨਾਲ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਇਹ ਉਨ੍ਹਾਂ ਦਾ ਦੂਜਾ ਦੌਰਾ ਹੈ ਅਤੇ ਉਹ ਜਦੋਂ 31 ਅਗਸਤ ਨੂੰ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਆਏ ਸਨ ਤਾਂ ਉਨ੍ਹਾਂ ਨੂੰ ਕਈ ਪਰਿਵਾਰ ਮਿਲੇ ਸਨ ਜਿਨ੍ਹਾਂ ਦੇ ਘਰ ਪਾਣੀ ਵਿੱਚ ਡੁੱਬ ਗਏ ਸਨ ਅਤੇ ਉਨ੍ਹਾਂ ਦਾ ਬਹੁਤ ਨੁਕਸਾਨ ਹੋਇਆ ਸੀ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਜਿੱਥੇ ਪੰਜਾਬ ਸਰਕਾਰ ਵੱਲੋਂ ਹੜ੍ਹ ਪੀੜ੍ਹਤਾਂ ਦੀ ਹਰ ਸੰਭਵ ਮਦਦ ਕੀਤੀ ਜਾ ਰਹੀ ਹੈ ਓਥੇ ਉਨ੍ਹਾਂ ਵੱਲੋਂ ਆਪਣੇ ਵੱਲੋਂ ਆਪਣੇ ਦੋਸਤਾਂ ਦੇ ਸਹਿਯੋਗ ਨਾਲ ਵੀ ਹੜ੍ਹ ਪੀੜ੍ਹਤਾਂ ਦੀ ਆਰਥਿਕ ਮਦਦ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਅੱਜ ਉਨ੍ਹਾਂ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਵੱਖ-ਵੱਖ ਪਿੰਡਾਂ ਵਿੱਚ ਹੜ੍ਹ ਪੀੜ੍ਹਤ ਪਰਿਵਾਰਾਂ ਨੂੰ 50-50 ਹਜ਼ਾਰ ਰੁਪਏ ਦੇ 10 ਚੈੱਕ ਦਿੱਤੇ ਗਏ ਹਨ ਜਦਕਿ ਬੀਤੇ ਕੱਲ੍ਹ ਪਠਾਨਕੋਟ ਜ਼ਿਲ੍ਹੇ ਦੇ ਪਿੰਡਾਂ ਵਿੱਚ ਵੀ 10 ਪਰਿਵਾਰਾਂ ਨੂੰ 5 ਲੱਖ ਰੁਪਏ ਦੀ ਸਹਾਇਤਾ ਦਿੱਤੀ ਗਈ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਹੜ੍ਹ ਪੀੜ੍ਹਤਾਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ।



ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਸਿਹਤ ਸੇਵਾਵਾਂ ਪੱਖੋਂ ਕੋਈ ਕਮੀਂ ਨਾ ਰਹੇ। ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਮੁਫ਼ਤ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ, ਸਿਹਤ ਵਿਭਾਗ ਦੀਆਂ ਟੀਮਾਂ ਘਰ-ਘਰ ਜਾ ਕੇ ਲੋਕਾਂ ਦੀ ਸਿਹਤ ਜਾਂਚ ਕਰ ਰਹੀਆਂ ਹਨ ਅਤੇ ਪੀਣ ਵਾਲੇ ਪਾਣੀ ਦੀ ਟੈਸਟਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹੜ੍ਹ ਦੇ ਪਾਣੀ ਨਾਲ ਡੇਂਗੂ, ਮਲੇਰੀਆ ਤੇ ਡਾਇਰੀਆ ਸਮੇਤ ਹੋਰ ਕੋਈ ਬਿਮਾਰੀ ਨਾ ਫੈਲੇ ਇਸ ਲਈ ਸਿਹਤ ਵਿਭਾਗ ਵੱਲੋਂ ਲੋੜੀਂਦੇ ਕਦਮ ਚੁੱਕੇ ਗਏ ਹਨ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਸਿਹਤ ਅਮਲੇ ਵੱਲੋਂ ਲੋਕਾਂ ਨੂੰ ਬਿਮਾਰੀਆਂ ਤੋਂ ਬਚਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਸੰਪ ਦੇ ਡੰਗਣ ਦੇ ਕੇਸ ਵੀ ਸਾਹਮਣੇ ਆ ਰਹੇ ਹਨ, ਇਸ ਲਈ ਸਿਹਤ ਵਿਭਾਗ ਵੱਲੋਂ ਏਨ੍ਹਾਂ ਖੇਤਰਾਂ ਵਿੱਚ ਐਂਟੀ ਸਨੇਕ ਵੈਨਮ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਵੀ ਸਿਹਤ ਸਬੰਧੀ ਕੋਈ ਮੁਸ਼ਕਲ ਪੇਸ਼ ਆਉਂਦੀ ਹੈ ਤਾਂ ਉਹ ਸਿਹਤ ਵਿਭਾਗ ਦੇ ਹੈਲਪ ਲਾਈਨ ਨੰਬਰ 104 ਉੱਪਰ ਸੰਪਰਕ ਕਰ ਸਕਦੇ ਹਨ। ਇਸ ਮੌਕੇ ਸਿਹਤ ਮੰਤਰੀ ਨੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਸਿਹਤ ਵਿਭਾਗ ਵੱਲੋਂ ਲਗਾਏ ਮੈਡੀਕਲ ਕੈਂਪਾਂ ਦਾ ਨਿਰੀਖਣ ਵੀ ਕੀਤਾ ਅਤੇ ਸਿਹਤ ਵਿਭਾਗ ਦੇ ਸਮੁੱਚੇ ਅਮਲੇ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਲਈ ਸ਼ਾਬਾਸ਼ੀ ਵੀ ਦਿੱਤੀ। ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਮੈਡੀਕਲ ਕੈਂਪਾਂ ਦਾ ਘੇਰਾ ਹੋਰ ਵੀ ਵਧਾਇਆ ਜਾਵੇ ਤਾਂ ਜੋ ਕੋਈ ਵੀ ਵਿਅਕਤੀ ਸਿਹਤ ਸੇਵਾਵਾਂ ਤੋਂ ਵਾਂਝਾ ਨਾ ਰਹੇ। ਇਸ ਤੋਂ ਬਾਅਦ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਆਪਣੀ ਧਰਮ ਪਤਨੀ ਸ੍ਰੀਮਤੀ ਰੁਪਿੰਦਰਜੀਤ ਸੈਣੀ ਦੇ ਨਾਲ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਡੇਰਾ ਬਾਬਾ ਨਾਨਕ ਵਿਖੇ ਮੱਥਾ ਟੇਕ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਡੇਰਾ ਬਾਬਾ ਨਾਨਕ ਦੇ ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਨੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਜਿੱਥੇ ਪੰਜਾਬ ਸਰਕਾਰ ਦੀ ਤਰਫੋਂ ਹੜ੍ਹ ਪੀੜ੍ਹਤਾਂ ਨੂੰ ਰਾਹਤ ਦੇਣ ਦੇ ਉਪਰਾਲੇ ਕੀਤੇ ਜਾ ਰਹੇ ਹਨ ਓਥੇ ਉਨ੍ਹਾਂ ਨੇ ਆਪਣੀ ਜੇਬ ਵਿੱਚੋਂ ਵੀ ਹੜ੍ਹ ਪੀੜ੍ਹਤਾਂ ਦੀ ਮਦਦ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਹੜ੍ਹ ਪ੍ਰਭਾਵਿਤ ਵਿਅਕਤੀ ਤੱਕ ਪਹੁੰਚ ਕਰਕੇ ਉਸ ਦੀ ਵੱਧ ਤੋਂ ਵੱਧ ਸਹਾਇਤ ਕੀਤੀ ਜਾ ਰਹੀ ਹੈ।

# ਵਿਧਾਇਕ ਸ਼ੈਰੀ ਕਲਸੀ ਨੇ ਦਿੱਤਾ ਬਟਾਲਾ ਵਾਸੀਆਂ ਨੂੰ ਸ਼ਾਨਦਾਰ ਤੋਹ.ਫਾ

ਰਵਿੰਦਰ

ਬਟਾਲਾ , ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਬਟਾਲਾ ਵਾਸੀਆਂ ਨੂੰ ਸ਼ਾਨਦਾਰ ਤੋਹਫ਼ਾ ਦਿੱਤਾ ਹੈ। ਲੋਕਾਂ ਨੂੰ ਸਾਫ਼ ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ ਸ਼ਹਿਰ ਨੂੰ 100 ਪ੍ਰਤੀਸ਼ਤ ਵਾਟਰ ਸਪਲਾਈ ਦੀ ਸਹੂਲਤ ਦੇਣ ਲਈ 27 ਕਰੋੜ 34 ਲੱਖ ਰੁਪਏ ਦਾ ਪ੍ਰੋਜੈਕਟ ਐਲਾਟ ਹੋ ਗਿਆ ਹੈ, ਜਿਸ ਦੀ ਸ਼ੁਰੂਆਤ ਤਿੰਨ ਦਿਨਾਂ ਬਾਅਦ 15 ਸਤੰਬਰ ਦਿਨ ਸੋਮਵਾਰ ਨੂੰ ਕੀਤੀ ਜਾਵੇਗੀ।



**27 ਕਰੋੜ 34 ਲੱਖ ਰੁਪਏ ਦੇ ਵੱਡ ਆਕਾਰੀ ਪ੍ਰੋਜੈਕਟ ਤਹਿਤ 67 ਕਿਲੋਮੀਟਰ ਵਾਟਰ ਸਪਲਾਈ ਲਾਈਨ ਅਤੇ 10130 ਘਰਾਂ ਨੂੰ ਹਾਊਸ ਕੁਨੈਕਸ਼ਨ ਮਿਲਣਗੇ**

ਬਟਾਲਾ ਕਲੱਬ ਵਿੱਚ ਪੱਤਰਕਾਰ ਸਾਥੀਆਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਇਸ 27 ਕਰੋੜ 34 ਦੀ ਲਾਗਤ ਵਾਲੇ ਇਸ ਪ੍ਰੋਜੈਕਟ ਤਹਿਤ ਪਾਣੀ ਦੀ ਵੱਡੀ ਟੈਂਕੀ, 67 ਕਿਲੋਮੀਟਰ ਵਾਟਰ ਸਪਲਾਈ ਲਾਈਨ ਅਤੇ 10130 ਹਾਊਸ ਕੁਨੈਕਸ਼ਨ ਸ਼ਾਮਿਲ ਹਨ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਦਹਾਕਿਆਂ ਤੋਂ ਸਾਫ ਸੁਥਰਾ ਪਾਣੀ ਪੀਣ ਤੋਂ ਸੱਖਣੇ ਲੋਕਾਂ ਦੀ ਸਹੂਲਤ ਲਈ ਇਹ ਵੱਡਾ ਪ੍ਰੋਜੈਕਟ ਬਟਾਲਾ ਵਾਸੀਆਂ ਨੂੰ ਸਮਰਪਿਤ ਕੀਤਾ ਗਿਆ ਹੈ ਅਤੇ ਇਸ ਵਿੱਚ ਐਮੀ ਪਿੰਡ, ਕੋਟਲਾ ਨਵਾਬ, ਡੇਰਾ ਬਾਬਾ ਨਾਨਕ ਰੋਡ, ਬੋਹੜਾਂਵਾਲ, ਉਜਾਗਰ ਨਗਰ ਅਤੇ ਸ਼ਹਿਰ ਦੇ ਅੰਦਰੂਨੀ ਇਲਾਕਾ ਸ਼ਾਮਲ ਹੈ। ਇਸ ਤਰ੍ਹਾ ਸ਼ਹਿਰ ਦੇ ਨਵੇਂ ਇਲਾਕੇ ਜਿਵੇ ਸ਼ੁਕਰਪੁਰਾ, ਮੁਰਗੀ ਮੁਹੱਲਾ, ਤੇਲੀਆਂਵਾਲ, ਜੁਝਾਰ ਨਗਰ, ਜਵਾਹਰ ਨਗਰ, ਕੁਤਬੀ ਨੰਗਲ, ਭੁੱਲਰ ਰੋਡ, ਸ਼ਾਂਤੀ ਨਗਰ, ਕਾਹਨੂੰਵਾਨ ਰੋਡ, ਸ਼ਾਹਬਪੁਰਾ, ਅਰਮਾਨ ਰਿਸੋਰਟ ਰੋਡ, ਆਨੰਦ ਵਿਹਾਰ, ਨਿਊ ਆਨੰਦ ਵਿਹਾਰ, ਡ ?ਰੀਮ ਐਵਿਨਿਊ ਕਾਲੋਨੀ, ਸਾਊਥ ਸਿਟੀ, ਮਹਾਜਨ ਕਲੋਨੀ, ਡਾਈਮੰਡ ਕਲੋਨੀ, ਧਰਮਪੁਰਾ ਕਲੋਨੀ, ਸ਼ ?ਰੀ ਹਰਗੋਬਿੰਦਪੁਰ ਰੋਡ, ਹਾਥੀ ਗੇਟ ਰੋਡ ਕਾਦੀਆਂ ਰੋਡ ਸ਼ਾਮਲ ਹਨ।

# ਦੋ-ਦਿਨਾ ਮਾਸ ਕਮਿਊਨੀਕੇਸ਼ਨ ਵਰਕਸ਼ਾਪ ਦੀ ਕੀਤੀ ਸ਼ੁਰੂਆਤ

ਗੁਰਦਾਸਪੁਰ, (ਸੋਨੂ, ਰਵਿੰਦਰ)- ਗਵਰਨਮੈਂਟ ਕਾਲਜ ਗੁਰਦਾਸਪੁਰ ਵੱਲੋਂ ਅੱਜ ਅੰਦਰੂਨੀ ਗੁਣਵੱਤਾ ਭਰੋਸਾ ਸੈੱਲ ਅਤੇ ਇੰਸਟਿਊਸ਼ਨਲ ਇਨੋਵੇਸ਼ਨ ਕੌਂਸਲ ਦੇ ਸਾਂਝੇ ਉਪਰਾਲੇ ਨਾਲ ਦੋ-ਦਿਨਾ ਮਾਸ ਕਮਿਊਨੀਕੇਸ਼ਨ ਵਰਕਸ਼ਾਪ ਦੀ ਸ਼ੁਰੂਆਤ ਕੀਤੀ ਗਈ। ਇਸ ਵਰਕਸ਼ਾਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਆਧੁਨਿਕ ਮੀਡੀਆ ਖੇਤਰ ਨਾਲ ਜਾਣੂ ਕਰਵਾਉਣਾ ਅਤੇ ਉਨ੍ਹਾਂ ਨੂੰ ਪੇਸ਼ਾਵਰ ਹੁਨਰ ਪ੍ਰਦਾਨ ਕਰਨਾ ਹੈ ਜੋ ਭਵਿੱਖੀ ਕੈਰੀਅਰ ਲਈ ਕੀਮਤੀ ਸਾਬਤ ਹੋਣਗੇ। ਕਾਲਜ ਦੇ ਕੁੱਲ 50 ਵਿਦਿਆਰਥੀ ਇਸ ਵਰਕਸ਼ਾਪ ਵਿੱਚ ਸਰਗਰਮੀ ਨਾਲ ਭਾਗ ਲੈ ਰਹੇ ਹਨ। ਇਹ ਉਹ ਵਿਦਿਆਰਥੀ ਹਨ ਜਿਨ੍ਹਾਂ ਨੇ ਸਕ੍ਰਿਪਟ ਰਾਈਟਿੰਗ, ਐਂਕਰਿੰਗ, ਨਿਊਜ਼ ਰੀਡਿੰਗ ਅਤੇ ਕੈਮਰਾ ਓਪਰੇਸ਼ਨ ਵਰਗੀਆਂ ਵਿਧਾਵਾਂ ਵਿੱਚ ਗਹਿਰੀ ਦਿਲਚਸਪੀ ਦਿਖਾਈ ਹੈ, ਖ਼ਾਸ ਕਰਕੇ ਕਾਲਜ ਦੇ ਯੂਟਿਊਬ ਚੈਨਲ ਅਤੇ ਹੋਰ ਸੋਸ਼ਲ ਮੀਡੀਆ ਪਲੇਟਫਾਰਮਾਂ ਲਈ। ਇਹ ਵਰਕਸ਼ਾਪ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਤੋਂ ਆਏ ਮਸ਼ਹੂਰ ਰਿਸੋਰਸ ਪਰਸਨਜ਼ ਵੱਲੋਂ ਲੈਈ ਜਾ ਰਹੀ ਹੈ: ਡਾ. ਪਲਵਿੰਦਰ ਸਿੰਘ ਭਾਟੀਆ (ਸਹਾਇਕ ਪ੍ਰੋਫੈਸਰ, ਵਿਭਾਗ ਮਾਸ ਕਮਿਊਨੀਕੇਸ਼ਨ) ਵੰਸ਼ਦੀਪ ਸਿੰਘ ਕੰਵਲ (ਰਿਸਰਚ ਫੈਲੋ ਅਤੇ ਕੈਮਰਾ ਓਪਰੇਟਰ, ਵਿਭਾਗ ਮਾਸ ਕਮਿਊਨੀਕੇਸ਼ਨ) ਮੋਹਿਤ ਰੂਬਲ (ਆਰ.ਜੇ., ਸੋਸ਼ਲ ਮੀਡੀਆ ਇਨਫਲੂਐਂਸਰ ਅਤੇ ਰਿਸਰਚ ਫੈਲੋ, ਵਿਭਾਗ ਮਾਸ ਕਮਿਊਨੀਕੇਸ਼ਨ) ਇਹ ਵਿਦਵਾਨ ਵਿਦਿਆਰਥੀਆਂ ਨੂੰ ਸਿਧਾਂਤਕ ਗਿਆਨ ਦੇਣ ਦੇ ਨਾਲ-ਨਾਲ ਪ੍ਰੈਕਟੀਕਲ ਸਿਖਲਾਈ ਵੀ ਦੇ ਰਹੇ ਹਨ। ਵਿਦਿਆਰਥੀ ਲਿਖਤ ਤਿਆਰ ਕਰਨਾ, ਐਂਕਰਿੰਗ ਅਤੇ ਨਿਊਜ਼ ਰੀਡਿੰਗ ਕਰਨੀ, ਅਤੇ ਕੈਮਰੇ ਦੇ ਤਕਨੀਕੀ ਪੱਖਾਂ ਨੂੰ ਸਮਝਣਾ ਹੱਥ-ਅਜਮਾਈ ਸੈਸ਼ਨਾਂ ਰਾਹੀਂ ਸਿੱਖ ਰਹੇ ਹਨ। ਇਸ ਦੇ ਨਾਲ ਹੀ ਉਹ ਅਸਲ ਮੀਡੀਆ ਦੇ ਕੰਮਕਾਜ ਨਾਲ ਜਾਣੂ ਹੋ ਰਹੇ ਹਨ, ਜਿਸ ਨਾਲ ਉਨ੍ਹਾਂ ਦਾ ਵਿਸ਼ਵਾਸ ਅਤੇ ਪੇਸ਼ਾਵਰ ਸੋਚ ਮਜ਼ਬੂਤ ਹੋ ਰਹੀ ਹੈ। ਕਾਲਜ ਦੇ ਪ੍ਰਿੰਸੀਪਲ ਡਾ. ਅਸ਼ਵਨੀ ਭੱਲਾ ਨੇ ਆਪਣੇ ਸੰਬੋਧਨ ਵਿੱਚ ਅਜਿਹੀਆਂ ਪਹਲਾਂ ਦੀ ਮਹੱਤਤਾ ਉਜਾਗਰ ਕਰਦਿਆਂ ਕਿਹਾ: ਇਹ ਵਰਕਸ਼ਾਪ ਕੇਵਲ ਇੱਕ ਪ੍ਰੋਗਰਾਮ ਨਹੀਂ, ਸਗੋਂ ਸਾਡੇ ਵਿਦਿਆਰਥੀਆਂ ਦੇ ਰੌਸ਼ਨ ਭਵਿੱਖ ਦੀ ਨੀਂਹ ਪੱਥਰ ਹੈ। ਮਾਸ ਕਮਿਊਨੀਕੇਸ਼ਨ ਅੱਜ ਦੇ ਸਭ ਤੋਂ ਪ੍ਰਭਾਵਸ਼ਾਲੀ ਖੇਤਰਾਂ ਵਿੱਚੋਂ ਇੱਕ ਹੈ। ਇਹ ਨਾ ਸਿਰਫ਼ ਅਨੇਕਾਂ ਕੈਰੀਅਰ ਦੇ ਰਸਤੇ ਖੋਲ੍ਹਦਾ ਹੈ, ਸਗੋਂ ਵਿਚਾਰਾਂ ਨੂੰ ਪ੍ਰਗਟ ਕਰਨ ਅਤੇ ਸਮਾਜ ਵਿੱਚ ਯੋਗਦਾਨ ਪਾਉਣ ਲਈ ਤਾਕਤਵਰ ਮੰਚ ਵੀ ਪ੍ਰਦਾਨ ਕਰਦਾ ਹੈ। ਸਾਨੂੰ ਪੂਰਾ ਭਰੋਸਾ ਹੈ ਕਿ ਇਹ ਵਰਕਸ਼ਾਪ ਸਾਡੇ ਵਿਦਿਆਰਥੀਆਂ ਲਈ ਜ਼ਿੰਦਗੀ ਬਦਲਣ ਵਾਲੀ ਸਾਬਤ ਹੋਵੇਗੀ।ਡਾ. ਭੱਲਾ ਨੇ ਹੋਰ ਵੀ ਕਿਹਾ ਕਿ ਗਵਰਨਮੈਂਟ ਕਾਲਜ ਗੁਰਦਾਸਪੁਰ ਹਮੇਸ਼ਾ ਗੁਣਵੱਤਾ-ਭਰਪੂਰ ਸਿੱਖਿਆ ਦੇਣ ਅਤੇ ਵਿਦਿਆਰਥੀਆਂ ਨੂੰ ਆਧੁਨਿਕ ਸੰਸਾਰ ਦੀਆਂ ਚੁਣੌਤੀਆਂ ਨਾਲ ਨਿਭਣ ਲਈ ਤਾਜ਼ਾ ਹੁਨਰਾਂ ਅਤੇ ਨਵੀਨਤਾ ਨਾਲ ਲੈਸ ਕਰਨ ਲਈ ਵਚਨਬੱਧ ਰਿਹਾ ਹੈ। ਇਸ ਵਰਕਸ਼ਾਪ ਦੀ ਮਹੱਤਤਾ ਇਸ ਗੱਲ ਵਿੱਚ ਹੈ ਕਿ ਇਹ ਵਿਦਿਆਰਥੀਆਂ ਨੂੰ ਮੀਡੀਆ, ਪੱਤਰਕਾਰਤਾ, ਪਬਲਿਕ ਰਿਲੇਸ਼ਨ, ਯੂਟਿਊਬ, ਸੋਸ਼ਲ ਮੀਡੀਆ ਅਤੇ ਹੋਰ ਖੇਤਰਾਂ ਵਿੱਚ ਮੌਕਿਆਂ ਲਈ ਤਿਆਰ ਕਰਦੀ ਹੈ। ਇਹ ਟੈਲੈਂਟ ਨੂੰ ਨਿੱਖਾਰਦੀ ਹੈ, ਵਿਸ਼ਵਾਸ ਪੈਦਾ ਕਰਦੀ ਹੈ, ਲੀਡਰਸ਼ਿਪ ਗੁਣ ਵਿਕਸਿਤ ਕਰਦੀ ਹੈ ਅਤੇ ਟੀਮ-ਸਪਿਰਟ ਨੂੰ ਮਜ਼ਬੂਤ ਕਰਦੀ ਹੈ। ਸਾਰਾਂਸ਼ ਰੂਪ ਵਿੱਚ, 50 ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਇਹ ਯਕੀਨੀ ਬਣਾਉਂਦੀ ਹੈ ਕਿ ਉਹ ਮੀਡੀਆ ਅਤੇ ਕਮਿਊਨੀਕੇਸ਼ਨ ਦੀ ਦੁਨੀਆ ਵਿੱਚ ਆਪਣੀ ਵੱਖਰੀ ਪਛਾਣ ਬਣਾਉਣ ਲਈ ਪੂਰੀ ਤਰ੍ਹਾਂ ਤਿਆਰ ਹੋਣ। ਇਸ ਪਹਲ ਰਾਹੀਂ ਗਵਰਨਮੈਂਟ ਕਾਲਜ ਗੁਰਦਾਸਪੁਰ ਇੱਕ ਵਾਰ ਫਿਰ ਇਹ ਸਾਬਤ ਕਰਦਾ ਹੈ ਕਿ ਉਹ ਸਿਰਫ਼ ਕਿਤਾਬੀ ਗਿਆਨ ਹੀ ਨਹੀਂ, ਸਗੋਂ ਅਸਲ ਜ਼ਿੰਦਗੀ ਦੇ ਹੁਨਰਾਂ ਅਤੇ ਭਵਿੱਖ ਲਈ ਤਿਆਰੀ ਵਾਲੀ ਸਮੂਹਿਕ ਸਿੱਖਿਆ ਦੇਣ ਲਈ ਵਚਨਬੱਧ ਹੈ।



**ਵਿਦਿਆਰਥੀਆਂ ਨੂੰ ਆਧੁਨਿਕ ਮੀਡੀਆ ਖੇਤਰ ਨਾਲ ਜਾਣੂ ਕਰਵਾਉਣਾ ਅਤੇ ਉਨ੍ਹਾਂ ਨੂੰ ਪੇਸ਼ਾਵਰ ਹੁਨਰ ਪ੍ਰਦਾਨ ਕਰਨਾ ਹੈ ਮੁੱਖ ਉਦੇਸ਼**

# ਐਨ.ਪੀ.ਈ.ਪੀ ਤਹਿਤ ਜਿਲਾ ਪੱਧਰੀ ਲੋਕ ਨਾਚ, ਰੋਲ ਪਲੇਅ ਅਤੇ ਕੁਇਜ ਮੁਕਾਬਲਿਆਂ ਵਿੱਚੋਂ ਕੁੜੀਆਂ ਨੇ ਮਾਰੀ ਬਾਜ਼ੀ

ਰਵਿੰਦਰ

ਗੁਰਦਾਸਪੁਰ, ਡਾਇਰੈਕਟਰ ਐਸ.ਸੀ.ਈ.ਆਰ.ਟੀ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਮੱਗਰਾ ਸਿੱਖਿਆ ਅਧੀਨ ਅਤੇ ਰਾਸ਼ਟਰੀ ਜਨ ਸੰਖਿਆ ਸਿੱਖਿਆ ਪ੍ਰੋਗ੍ਰਾਮ (ਐਨ.ਪੀ.ਈ.ਪੀ) ਤਹਿਤ ਜਿਲੇ ਪਾ ?ਰਈਵੇਟ, ਸਰਕਾਰੀ, ਏਡਿਡ ਅਤੇ ਲੋਕਲ ਬਾਡੀ ਸਕੂਲਾਂ ਵਿੱਚ 8ਵੀ,9ਵੀ ਤੇ 11ਵੀਂ ਜਮਾਤ ਵਿੱਚ ਪੜਦੇ ਵਿ ?ਦਆਰਥੀਆਂ ਲਈ ਜਿਲਾ ਪੱਧਰੀ ਮੁਕਾਬਲਿਆਂ ਦਾ ਆਯੋਜਨ ਐਸ.ਐਸ.ਐਮ ਕਾਲਜ ਦੀਨਾਨਾਗਰ ਵਿਖੇ ਕਰਵਾਇਆ ਗਿਆ, ਜਿਸ ਵਿੱਚ ਜਿਲਾ ਸਿੱਖਿਆ ਅਫਸਰ (ਸੈ:ਸਿੱ) ਸ੍ਰੀਮਤੀ ਪਰਮਜੀਤ ਕੌਰ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ ਜਦੋਂਕਿ ਇਸ ਮੌਕੇ ਕਾਲਜ ਪ੍ਰਿੰਸੀਪਲ ਡਾ: ਆਰ ਕੇ. ਤੁਲੀ ਵਿਸੇਸ਼ ਰੂਪ ਵਿੱਚ ਹਾਜਰ ਸਨ ।ਪ੍ਰ ?ਰੋਗ੍ਰਾਮ ਸੰਬੰਧੀ ਜਾਣਕਾਰੀ ਦਿੰਦਿਆ ਜਿਲਾ ਨੋਡਲ ਅਫਸਰ ਸ: ਅਮਰਜੀਤ ਸਿੰਘ ਪੁਰੇਵਾਲ ਨੇ ਦੱਸਿਆ ਕਿ ਇਸ ਜਿਲਾ ਪੱਧਰੀ ਪ੍ਰੋਗ੍ਰਾਮ ਵਿਚ ਲੋਕ ਨਾਚ, ਰੋਲ ਪਲੇਅ ਅਤੇ ਕੁਇਜ ਮੁਕਾਬਲੇ ਕਰਵਾਏ ਜਾਣਗੇ, ਜਿਸ ਵਿੱਚ ਬਲਾਕ ਪੱਧਰ ਤੇ ਹਰੇਕ ਈਵੈਂਟਸ ਵਿੱਚੋਂ ਕੇਵਲ ਪਹਿਲਾ ਸਥਾਨ ਹਾਸਲ ਕਰਨ ਵਾਲੀਆਂ ਟੀਮਾਂ ਦੇ ਵਿ ?ਦਆਰਥੀਆਂ ਨੇ ਹਿੱਸਾ ਲਿਆ । ਪ੍ਰੋਗ੍ਰਾਮ ਦੌਰਾਨ ਵਿ ?ਦਆਰਥੀਆਂ ਨੂੰ ਸੰਬੋਧਨ ਕਰਦਿਆਂ ਡੀ.ਈ.ਓ ਮੈਡਮ ਪਰਮਜੀਤ ਨੇ ਵਿ ?ਦਆਰਥੀਆਂ ਨੂੰ ਜਿਲਾ ਪੱਧਰ ਤੇ ਭਾਗ ਲੈਣ ਵਾਲੇ ਵਿ ?ਦਆਰਥੀਆਂ ਨੂੰ ਉਤਸ਼ਾਹਿਤ ਕਰਦਿਆਂ ਕਿਹਾ ਕਿ ਸਾਨੂੰ ਪੜਾਈ ਦੇ ਨਾਲ ਨਾਲ ਅਜਿਹੀਆਂ ਐਕਟਿਵਟੀਜ ਵਿੱਚ ਵੱਧ ਚੜ ਕੇ ਹਿੱਸਾ ਲੈਣਾ ਚਾਹੀਦਾ ਹੈ, ਜਿਸ ਸਾਡੀ ਓਵਰ ਆਲ ਪਰਸਨੈਲਟੀ ਡਿਵੈਲਪ ਹੁੰਦੀ ਹੈ ।ਸ: ਪੁਰੇਵਾਲ ਨੇ ਦੱਸਿਆ ਕਿ ਲੋਕ ਨਾਚ ਮੁਕਾਬਲਿਆਂ ਵਿੱਚੋਂ ਪੀ.ਐਮ.ਸ਼ ?ਰੀ ਸਕੰਸਸਸ ਕੈਂਪ ਬਟਾਲਾ ਦੀ ਟੀਮ ਨੇ ਪਹਿਲਾ ਸਥਾਨ, ਸਸਸਸ ਡੱਲਾ ਦੀ ਟੀਮ ਨੇ ਦੂਸਰਾ ਸਥਾਨ ਅਤੇ ਸਹਸ ਭਾਮ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ । ਰੋਲ ਪਲੇਅ ਵਿੱਚੋਂ ਸਸਸਸ ਦੀਨਾਨਗਰ (ਲੜਕੀਆਂ) ਦੀ ਟੀਮ ਨੇ ਪਹਿਲਾ ਸਥਾਨ, ਸਹਸ ਤਲਵੰਡੀ ਦੀ ਟੀਮ ਨੇ ਦੂਸਰਾ ਸਥਾਨ ਅਤੇ ਸਰਕਾਰੀ ਆਂਦਰਸ ਸਸਸ ਕੋਟ ਧੰਦਲ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ । ਕੁਇਜ ਮੁਕਾਬਲਿਆਂ ਵਿੱਚੋਂ ਸਕੂਲ ਆਫ ਐਮੀਨੈਂਸ ਬਟਾਲਾ ਦੀ ਟੀਮ ਨੇ ਪਹਿਲਾ ਸਥਾਨ, ਸਸਸਸ ਡੱਲਾ ਦੀ ਟੀਮ ਨੇ ਦੂਸਰਾ ਸਥਾਨ ਤੇ ਸਸਸਸ ਕਲੇਰ ਕਲਾਂ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ । ਇਸ ਸਮੇਂ ਜੱਜ ਦੀ ਭੂਮਿਕਾ ਦਿਲਬਾਗ ਸਿੰਘ ਪੱਡਾ, ਨਵਜੀਤ ਸਿੰਘ, ਰਾਜਬੀਰ ਕੌਰ, ਚਰਨਪ੍ਰੀਤ ਸਿੰਘ, ਰੀਨਾ ਗੁਪਤਾ, ਨਿਸ਼ਾ ਭਾਰਦਵਾਜ, ਰਮਨੀਕ ਕੁਮਾਰ, ਸਿਮਰਨ ਤੇ ਸ਼ਿਵਾਨੀ ਨੇ ਬਾਖੂਬੀ ਨਿਭਾਈ । ਅੰਤ ਵਿੱਚ ਜੇਤੂ ਟੀਮਾਂ ਅਤੇ ਜੱਜਾਂ ਨੂੰ ਡੀਈਓ ਮੈਡਮ ਤੇ ਪ੍ਰਿੰਸੀਪਲ ਡਾ: ਆਰ ਕੇ ਤੁਲੀ ਵਲੋਂ ਟਰਾਫੀ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਧੀਆਂ ਤੇ ਮਾਣ ਮਹਿਸੂਸ ਕਰਦਿਆਂ ਦੱਸਿਆ ਕਿ ਇਹਨਾਂ ਤਿੰਨਾਂ ਈਵੈਂਟਸ ਵਿੱਚ ਪਹਿਲੇ ਸਥਾਨ ਤੇ ਰਹਿਣ ਵਾਲੀਆਂ ਟੀਮਾਂ ਵਿੱਚ ਕੁੜੀਆਂ ਨੇ ਬਾਜੀ ਮਾਰੀ ਹੈ ।ਸ: ਪੁਰੇਵਾਲ ਨੇ ਪ੍ਰੋਗ੍ਰਾਮ ਵਿੱਚ ਹਿੱਸਾ ਲੈਣ ਲਈ ਆਏ ਗਾਈਡ ਅਧਿਆਪਕਾਂ ਦਾ ਧੰਨਵਾਦ ਕੀਤਾ ਜਿਨਾਂ ਦੇ ਮਾਰਗ ਦਰਸ਼ਨ ਕਰਕੇ ਇਹ ਵਿ ?ਦਆਰਥੀ ਜਿਲਾ ਪੱਧਰੀ ਪ੍ਰੋਗ੍ਰਾਮ ਦਾ ਹਿੱਸਾ ਬਣ ਰਹੇ ਹਨ ਅਤੇ ਹੁਣ ਇਹਨਾਂ ਈਵੈਂਟਸ ਵਿੱਚੋਂ ਪਹਿਲਾ ਸਥਾਨ ਹਾਸਲ ਕਰਨ ਵਾਲੀਆਂ ਟੀਮਾਂ ਦੇ ਵਿ ?ਦਆਰਥੀ ਸਟੇਟ ਪੱਧਰ ਤੇ ਹੋਣ ਵਾਲੇ ਮੁਕਾਬਲਿਆਂ ਵਿੱਚ ਹਿੱਸਾ ਲੈਣਗੇ ।ਇਸ ਮੌਕੇ ਪ੍ਰੋ: ਗਰੋਵਰ, ਪ੍ਰੋ: ਸੁਬੀਰ ਰਘਬੋਤਰਾ, ਪ੍ਰੋ ?ਰ: ਗੀਤਾਂਜਲੀ, ਕਵਲਜੀਤ ਸਿੰਘ, ਗੋਬਿੰਦ ਅਗਰਵਾਲ, ਚੰਨਪ੍ਰੀਤ ਸਿੰਘ,ਲਲਿਤ ਕੁਮਾਰ, ਮੈਡਮ ਅਨੂੰ, ਕਮਲ ਸ਼ਮਸ਼ੇਰ ਸਿੰਘ ਆਦਿ ਤੋਂ ਇਲਾਵਾ ਗਾਈਡ ਅਧਿਆਪਕ ਵੀ ਹਾਜਰ ਸਨ ।




# ਕਲਸੀ ਕੇ ਜੇ ਹਸਪਤਾਲ ਬਟਾਲਾ ਵੱਲੋਂ ਪਹਿਲੀ ਸਾਲਗਿਰਾ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ-ਪਰਮਾਤਮਾ ਦਾ ਲਿਆ ਆਸ਼ੀਰਵਾਦ

ਬਟਾਲਾ, (ਸੋਨੂ, ਰਵਿੰਦਰ) ਕਲਸੀ ਕੇ ਜੇ ਹਸਪਤਾਲ ਬਟਾਲਾ ਵੱਲੋਂ ਅੱਜ ਪਹਿਲੀ ਸਾਲਗਿਰਾ ਮੌਕੇ ਸਮੂਹ ਮੈਂਬਰਾਂ ਵੱਲੋਂ ਸ਼੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ ਅਤੇ ਵਾਹਿਗੁਰੂ ਜੀ ਤੋਂ ਆਸ਼ੀਰਵਾਦ ਪ੍ਰਾਪਤ ਕੀਤਾ। ਸਮੂਹ ਸਟਾਫ ਵਲੋਂ ਵਾਹਿਗੁਰੂ ਜੀ ਅੱਗੇ ਬੇਨਤੀ ਕੀਤੀ ਕਿ ਇਸ ਹਸਪਤਾਲ ਵਿੱਚ ਜੋ ਆਵੇ ਸੋ ਰਾਜੀ ਹੋ ਕੇ ਜਾਵੇ। ਵਾਹਿਗੁਰੂ ਜੀ ਹਸਪਤਾਲ ਅਤੇ ਸਮੂਹ ਸਟਾਫ ਮੈਂਬਰਾਂ ਤੇ ਹਮੇਸ਼ਾ ਮਿਹਰ ਭਰਿਆ ਹੱਥ



ਰੱਖਣ ਅਤੇ ਹਸਪਤਾਲ ਨੂੰ ਦਿਨ ਦੁਗਣੀ ਰਾਤ ਚੌਗਣੀ ਤਰੱਕੀ ਬਖਸ਼ਣ ਅਤੇ ਹਮੇਸ਼ਾ ਅੰਗ ਸੰਗ ਸਹਾਈ ਹੋਣ। ਡਾਕਟਰ ਕਮਲਜੀਤ ਸਿੰਘ ਕੇਜੇ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਕਲਸੀ ਕੇ ਜੇ ਹਸਪਤਾਲ ਬਟਾਲਾ ਵਿਖੇ ਹਮੇਸ਼ਾ ਲੋੜਵੰਦ ਮਰੀਜ਼ਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕੀਤੀਆਂ ਜਾਂਦੀਆਂ ਹਨ ਅਤੇ ਅਤਿ ਆਧੁਨਿਕ ਮਸ਼ੀਨਰੀ ਨਾਲ ਮਾਹਿਰ ਡਾਕਟਰਾਂ ਵਲੋਂ ਵੱਖ-ਵੱਖ ਬਿਮਾਰੀਆਂ ਦਾ ਇਲਾਜ ਤਲੱਸੀਬਖਸ਼ ਕੀਤਾ ਜਾਂਦਾ ਹੈ। ਇਸ ਮੌਕੇ ਡਾਕਟਰ ਕਮਲਜੀਤ ਸਿੰਘ ਕੇਜੇ, ਸ੍ਰੀਮਤੀ ਰਾਜਬੀਰ ਕੌਰ ਕਲਸੀ ਧਰਮਪਤਨੀ ਵਿਧਾਇਕ ਸ਼ੈਰੀ ਕਲਸੀ, ਡਾਕਟਰ ਅਰਵਿੰਦਰ ਕੁਮਾਰ ਯਾਦਵ, ਡਾਕਟਰ ਰਜਿੰਦਰ ਕੁਮਾਰ, ਸੰਦੀਪ ਸਿੰਘ ਸੰਨੀ, ਸ੍ਰੀਮਤੀ ਕੁਲਵੰਤ ਕੌਰ, ਪਰਮੀਤ ਕੌਰ ਪਲਵੀ, ਨੇਹਾ ਸੁਜਾਨੀਆ, ਕੋਮਲ ਧਾਰੀਵਾਲ, ਜਾਨੂ ਜਸਜੀਤ ਸਿੰਘ, ਰੋਹਿਤ ਥੇ ਗੁਲਾਮ ਨਵੀ, ਵੰਸ਼, ਆਕਾਸ਼, ਯੂਵੀਕਾ, ਕਾਕਾ ਗੁਰਮਨ ਮੇਹਰ ਸਿੰਘ ਅਤੇ ਅਮਿਤ ਕੁਮਾਰ ਡਡਵਾਂ ਆਦਿ ਹਾਜ਼ਰ ਸਨ।

**ਲੋੜਵੰਦ ਮਰੀਜ਼ਾਂ ਨੂੰ ਪਹਿਲ ਦੇ ਆਧਾਰ 'ਤੇ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ- ਡਾਕਟਰ ਕਮਲਜੀਤ ਸਿੰਘ ਕੇਜੇ**

## ਭਾਰਤ ਦੀ ਡਿਜੀਟਲ ਕ੍ਰਾਂਤੀ

# ਪਰਿਵਰਤਨ ਦਾ ਇੱਕ ਦਹਾਕਾ ਅਤੇ ਭਵਿੱਖ ਲਈ ਯੋਜਨਾ

ਰਾਓ ਇੰਦਰਜੀਤ ਸਿੰਘ



ਪਿਛਲੇ ਇੱਕ ਦਹਾਕੇ ਦੌਰਾਨ ਭਾਰਤ ਵਿੱਚ ਇੱਕ ਅਜਿਹੀ ਡਿਜੀਟਲ ਕ੍ਰਾਂਤੀ ਆਈ ਹੈ ਜੋ ਅਸਾਧਾਰਣ ਹੈ। ਜੋ ਪ੍ਰਕਿਰਿਆ ਟੀਚਾਬੱਧ ਟੈਕਨੋਲੋਜੀ ਦਖਲਅੰਦਾਜ਼ੀ ਦੀ ਇੱਕ ਲੜੀ ਦੇ ਰੂਪ ਵਿੱਚ ਸ਼ੁਰੂ ਹੋਈ ਸੀ, ਉਹ ਹੁਣ ਇੱਕ ਵਿਆਪਕ ਪਰਿਵਰਤਨ ਦੇ ਰੂਪ ਵਿੱਚ ਵਿਕਸਿਤ ਹੋ ਚੁੱਕੀ ਹੈ, ਜੋ ਭਾਰਤੀ ਜੀਵਨ ਦੇ ਲਗਭਗ ਹਰ ਪਹਿਲੂ ਜਿਵੇਂ ਅਰਥਵਿਵਸਥਾ, ਸ਼ਾਸਨ, ਸਿੱਖਿਆ, ਸਿਹਤ ਸੰਭਾਲ, ਵਣਜ ਅਤੇ ਦੇਸ਼ ਦੇ ਕੋਨੇ-ਕੋਨੇ ਵਿੱਚ ਵੱਸੇ ਕਿਸਾਨਾਂ ਅਤੇ ਛੋਟੇ ਉੱਦਮੀਆਂ ਦੇ ਜੀਵਨ ਨੂੰ ਵੀ ਪ੍ਰਭਾਵਿਤ ਕਰ ਰਹੀ ਹੈ।

ਇਹ ਯਾਤਰਾ ਅਚਾਨਕ ਨਹੀਂ ਸੀ। ਇਸ ਨੂੰ ਭਾਰਤ ਸਰਕਾਰ ਵੱਲੋਂ ਠੋਸ ਨੀਤੀ ਨਿਰਧਾਰਣ, ਅੰਤਰ-ਮੰਤਰਾਲਾ ਸਹਿਯੋਗ ਅਤੇ ਸਮਾਵੇਸ਼ੀ ਵਿਕਾਸ ਦੇ ਪ੍ਰਤੀ ਵਚਨਬੱਧਤਾ ਦੇ ਮਾਧਿਅਮ ਰਾਹੀਂ ਸਾਵਧਾਨੀਪੂਰਵਕ ਪ੍ਰਬੰਧਿਤ ਕੀਤਾ ਗਿਆ ਹੈ। ਜਦੋਂ ਸਬੰਧਿਤ ਮੰਤਰਾਲਿਆਂ ਜਿਵੇਂ ਇਲੈਕਟ ?ਰੌਨਿਕਸ ਅਤੇ ਸੂਚਨਾ ਟੈਕਨੋਲੋਜੀ ਮੰਤਰਾਲੇ (ਐੱਮਈਆਈਟੀਵਾਈ), ਵਿੱਤ ਮੰਤਰਾਲੇ (ਐੱਮਓਐੱਫ), ਖੇਤੀਬਾੜੀ ਮੰਤਰਾਲੇ ਅਤੇ ਹੋਰਾਂ ਮੰਤਰਾਲਿਆਂ ਨੇ ਵੱਡੇ ਪੈਮਾਨੇ ’ਤੇ ਜ਼ਮੀਨੀ ਪੱਧਰ ਦੇ ਪ੍ਰੋਜੈਕਟਾਂ ਨੂੰ ਪੂਰਾ ਕੀਤਾ, ਤਾਂ ਦੂਸਰੇ ਪਾਸੇ ਨੀਤੀ ਆਯੋਗ ਨੇ ਕਨਵਰਜੈਂਸ ਨੂੰ ਉਤਸ਼ਾਹਿਤ ਕਰਕੇ, ਵਿਚਾਰਾਂ ਨੂੰ ਅਗਵਾਈ ਦੇ ਕੇ ਅਤੇ ਸਕੇਲੇਬਲ, ਨਾਗਰਿਕ-ਪ੍ਰਮੁੱਖਤਾ ਵਾਲੀਆਂ ਨਵੀਨਤਾਵਾਂ ਦੇ ਵੱਲ ਪ੍ਰਣਾਲੀ ਨੂੰ ਪ੍ਰੇਰਿਤ ਕਰ ਕੇ ਨੀਤੀ ਇੰਜਣ ਵਜੋਂ ਕੰਮ ਕੀਤਾ ਹੈ।

ਜਨ ਧਨ-ਆਧਾਰ-ਮੋਬਾਈਲ (ਜੇਏਐੱਮ) ਟ੍ਰਿਨਿਟੀ ਦੀ ਸ਼ੁਰੂਆਤ ਨਾਲ ਇਸ ਵਿੱਚ ਇੱਕ ਅਹਿਮ ਮੋੜ ਆਇਆ ਹੈ। ਲਗਭਗ 55 ਕਰੋੜ ਬੈਂਕ ਖਾਤੇ ਖੁੱਲ੍ਹਣ ਦੇ ਨਾਲ-ਨਾਲ, ਕਰੋੜਾਂ ਲੋਕਾਂ ਨੂੰ, ਜੋ ਪਹਿਲਾਂ ਵਿੱਤੀ ਪ੍ਰਣਾਲੀ ਦੀ ਪਹੁੰਚ ਤੋਂ ਬਾਹਰ ਸਨ, ਉਨ੍ਹਾਂ ਨੂੰ ਅਚਾਨਕ ਬੈਂਕਿੰਗ ਵਿਵਸਥਾ ਅਤੇ ਸਿੱਧੇ ਲਾਭ ਟ ?ਰਾਂਸਫਰ ਤੱਕ ਪਹੁੰਚ ਪ੍ਰਾਪਤ ਹੋਈ ਹੈ। ਓਡੀਸ਼ਾ ਦੇ ਇੱਕ ਛੋਟੇ ਜਿਹੇ ਪਿੰਡ ਵਿੱਚ ਪਹਿਲੀ ਵਾਰ ਬਿਨਾਂ ਕਿਸੇ ਵਿਚੋਲੇ ਦੀ ਸਹਾਇਤਾ ਤੋਂ ਇੱਕ ਸਿੰਗਲ ਮਦਰ ਨੂੰ ਕਲਿਆਣਕਾਰੀ ਲਾਭ ਸਿੱਧੇ ਉਨ੍ਹਾਂ ਦੇ ਖਾਤੇ ਵਿੱਚ ਪ੍ਰਾਪਤ ਕਰਨ ਦੇ ਯੋਗ ਬਣਾਇਆ ਗਿਆ। ਉਨ੍ਹਾਂ ਦੀ ਕਹਾਣੀ ਭਾਰਤ ਭਰ ਦੇ ਕਰੋੜਾਂ ਲੋਕਾਂ ਦੀ ਕਹਾਣੀ ਬਣ ਗਈ ਹੈ। ਇਹ ਵੱਡਾ ਵਿੱਤੀ ਸਮਾਵੇਸ਼ਨ ਅੰਦੋਲਨ ਵਿੱਤ ਮੰਤਰਾਲੇ ਦੇ ਸਮਰਥਨ ਅਤੇ ਆਧਾਰ ਅਤੇ ਮੋਬਾਈਲ ਪ੍ਰਵੇਸ਼ ਦੀ ਯੋਗ ਸਹਾਇਤਾ ਨਾਲ ਅਗਲਾ ਕਦਮ: ਇੱਕ ਵਿੱਤੀ ਟੈਕਨੋਲੋਜੀ ਵਿਸਫੋਟ ਦਾ ਅਧਾਰ ਬਣਿਆ।

ਭਾਰਤੀ ਰਾਸ਼ਟਰੀ ਭੁਗਤਾਨ ਨਿਗਮ ਵੱਲੋਂ ਭਾਰਤੀ ਰਿਜ਼ਰਵ ਬੈਂਕ ਦੇ ਮਾਰਗਦਰਸ਼ਨ ਵਿੱਚ ਵਿਕਸਿਤ ਏਕੀਕ੍ਰਿਤ ਭੁਗਤਾਨ ਇੰਟਰਫੇਸ (ਯੂਪੀਆਈ) ਨੇ ਭਾਰਤੀਆਂ ਦੇ ਲੈਣ-ਦੇਣ ਦੇ ਤਰੀਕੇ ਵਿੱਚ ਕ੍ਰਾਂਤੀ ਲਿਆ ਦਿੱਤੀ ਹੈ। ਕਿਸੇ ਦੋਸਤ ਨੂੰ ਪੈਸੇ ਭੇਜਣ ਦੇ ਇੱਕ ਅਨੋਖੇ ਤਰੀਕੇ ਵਜੋਂ ਸ਼ੁਰੂ ਕੀਤਾ ਗਿਆ ਇਹ ਤਰੀਕਾ ਜਲਦੀ ਹੀ ਛੋਟੇ ਕਾਰੋਬਾਰਾਂ, ਸਬਜ਼ੀ ਵਿਕਰੇਤਾਵਾਂ ਅਤੇ ਗਿਗ ਵਰਕਰਾਂ ਦੀ ਜੀਵਨ ਰੇਖਾ ਬਣ ਗਿਆ। ਅੱਜ, ਭਾਰਤ ਵਿੱਚ ਪ੍ਰਤੀ ਮਹੀਨਾ 17 ਬਿਲੀਅਨ ਤੋਂ ਵੱਧ ਯੂਪੀਆਈ ਰਾਹੀਂ ਲੈਣ-ਦੇਣ ਹੁੰਦੇ ਹਨ, ਅਤੇ ਇੱਥੋਂ ਤੱਕ ਕਿ ਸੜਕ ਕਿਨਾਰੇ ਦੇ ਵਿਕਰੇਤਾ ਵੀ ਇੱਕ ਸਧਾਰਨ ਕਿਊਆਰ ਕੋਡ ਦੇ ਜ਼ਰੀਏ ਡਿਜੀਟਲ ਭੁਗਤਾਨ ਸਵੀਕਾਰ ਕਰ ਰਹੇ ਹਨ।



ਇਸ ਦੌਰਾਨ, ਇਲੈਕਟ ?ਰੌਨਿਕਸ ਅਤੇ ਸੂਚਨਾ ਟੈਕਨੋਲੋਜੀ ਮੰਤਰਾਲੇ ਦੇ ਤਹਿਤ ਭਾਰਤ ਦੇ ਡਿਜੀਟਲ ਬੁਨਿਆਦੀ ਢਾਂਚੇ ਦੇ ਮੁੱਖ ਤੰਤਰ ਨੂੰ ਹੌਲੀ-ਹੌਲੀ ਅਤੇ ਲਗਾਤਾਰਤਾ ਨਾਲ ਤਿਆਰ ਕੀਤਾ ਜਾ ਰਿਹਾ ਹੈ। ਭਾਰਤਨੈੱਟ ਵਰਗੇ ਪ੍ਰੋਜੈਕਟਾਂ ਨੇ ਦੋ ਲੱਖ ਤੋਂ ਵੱਧ ਗ੍ਰਾਮ ਪੰਚਾਇਤਾਂ ਤੱਕ ਬ੍ਰੌਡਬੈਂਡ ਪਹੁੰਚਾਇਆ ਹੈ, ਜਦੋਂ ਕਿ ਇੰਡੀਆ ਸਟੈਕ ਨੇ ਕਾਗਜ਼ ਰਹਿਤ, ਮੌਜੂਦਗੀ-ਰਹਿਤ ਅਤੇ ਨਕਦੀ ਰਹਿਤ ਸੇਵਾਵਾਂ ਦਾ ਢਾਂਚਾ ਤਿਆਰ ਕੀਤਾ। ਡਿਜੀ-ਲੌਕਰ ਨੇ ਵਿਦਿਆਰਥੀਆਂ ਨੂੰ ਆਪਣੇ ਸਰਟੀਫਿਕੇਟ ਡਿਜੀਟਲ ਰੂਪ ਵਿੱਚ ਰੱਖਣ ਅਤੇ ਈ-ਹਸਤਾਖਰ ਨੇ ਮਹੱਤਵਪੂਰਨ ਦਸਤਾਵੇਜ਼ਾਂ ਲਈ ਰਿਮੋਟ ਪ੍ਰਮਾਣੀਕਰਨ ਪ੍ਰਦਾਨ ਕੀਤਾ। ਡਿਜੀ-ਯਾਤਰਾ ਇੱਕ ਮੋਹਰੀ ਪਹਿਲ ਹੈ ਜੋ ਚਿਹਰੇ ਦੇ ਪਹਿਚਾਣ ਦੀ ਤਕਨੀਕ ਦੀ ਵਰਤੋਂ ਕਰਕੇ ਸਹਿਜ, ਕਾਗਜ਼-ਰਹਿਤ ਅਤੇ ਸੰਪਰਕ-ਰਹਿਤ ਹਵਾਈ ਯਾਤਰਾ ਨੂੰ ਯਕੀਨੀ ਬਣਾਉਂਦੀ ਹੈ। ਇਹ ਤੁਰੰਤ ਚੈੱਕ-ਇਨ, ਬਿਹਤਰ ਯਾਤਰੀ ਅਨੁਭਵ ਅਤੇ ਬਿਹਤਰ ਹਵਾਈ ਅੱਡੇ ਦੀ ਸਮਰੱਥਾ ਵਿੱਚ ਸੁਧਾਰ ਯਕੀਨੀ ਕਰਦੀ ਹੈ, ਨਾਲ ਹੀ ਵਿਕੇਂਦਰੀਕ੍ਰਿਤ ਪਹਿਚਾਣ ਪ੍ਰਬੰਧਨ ਦੇ ਮਾਧਿਅਮ ਨਾਲ ਡੇਟਾ ਗੋਪਨੀਯਤਾ ਦੀ ਸੁਰੱਖਿਆ ਵੀ ਕਰਦੀ ਹੈ। ਇਹ ਭਾਰਤੀ ਹਵਾਬਾਜ਼ੀ ਦੇ ਭਵਿੱਖ ਦੀ ਤਿਆਰੀ ਅਤੇ ਯਾਤਰੀ-ਅਨੁਕੂਲ ਬਣਾਉਣ ਦੀ ਦਿਸ਼ਾ ਵਿੱਚ ਇੱਕ ਵੱਡਾ ਕਦਮ ਹੈ। ਇਹ ਸਿਰਫ਼ ਐਪ ਹੀ ਨਹੀਂ ਹੈ - ਇਹ ਇੱਕ ਡਿਜੀਟਲ ਗਣਰਾਜ ਦਾ ਨੀਂਹ ਪੱਥਰ ਹੈ।

ਡਿਜੀਟਲ ਗਵਰਨੈਂਸ ਨੇ ਵੀ ਗਵਰਨਮੈਂਟ ਈ-ਮਾਰਕੀਟਪਲੇਸ (ਜੇਮ) ਦੀ ਸ਼ੁਰੂਆਤ ਨਾਲ ਇੱਕ ਵੱਡੀ ਛਾਲ ਮਾਰੀ ਹੈ। ਜਨਤਕ ਖਰੀਦ ਵਿੱਚ ਪਾਰਦਰਸ਼ਤਾ ਅਤੇ ਕੁਸ਼ਲਤਾ ਲਿਆਉਣ ਲਈ ਡਿਜ਼ਾਇਨ ਕੀਤੇ ਗਏ, ਜੇਮ ਨੇ 1.6 ਲੱਖ ਤੋਂ ਵੱਧ ਸਰਕਾਰੀ ਖਰੀਦਦਾਰਾਂ ਨੂੰ 22 ਲੱਖ ਤੋਂ ਵੱਧ ਵਿਕਰੇਤਾਵਾਂ ਨਾਲ ਜੋੜਿਆ ਹੈ - ਜਿਸ ਵਿੱਚ ਮਹਿਲਾ ਉੱਦਮੀਆਂ ਅਤੇ ਐੱਮਐੱਸਐੱਮਈ ਦੀ ਵਧਦੀ ਗਿਣਤੀ ਸ਼ਾਮਲ ਹੈ। ਰਾਜਸਥਾਨ ਦੇ ਇੱਕ ਛੋਟੇ ਦਸਤਕਾਰੀ ਵਿਕਰੇਤਾ ਲਈ, ਇਸ ਦਾ ਮਤਲਬ ਸਰਕਾਰੀ ਇਕਰਾਰਨਾਮਿਆਂ ਤੱਕ ਪਹੁੰਚ ਪ੍ਰਦਾਨ ਕਰਨਾ ਸੀ ਜੋ ਪਹਿਲਾਂ ਕਲਪਨਾਯੋਗ ਨਹੀਂ ਸੀ।

ਖੇਤੀਬਾੜੀ ਖੇਤਰ, ਜਿਸਨੂੰ ਅਕਸਰ ਬਦਲਾਅ ਦੇ ਪ੍ਰਤੀਰੋਧਕ ਵਜੋਂ ਦੇਖਿਆ ਜਾਂਦਾ ਹੈ, ਨੇ ਵੀ ਡਿਜੀਟਲ ਸਾਧਨਾਂ ਨੂੰ ਅਪਣਾਉਣਾ ਸ਼ੁਰੂ ਕਰ ਦਿੱਤਾ ਹੈ। ਪੀਐੱਮ-ਕਿਸਾਨ ਵਰਗੇ ਪਲੈਟਫਾਰਮਾਂ ਨੇ ਇਹ ਯਕੀਨੀ ਬਣਾਇਆ ਕਿ ਆਮਦਨ ਸਹਾਇਤਾ ਕਿਸਾਨਾਂ ਤੱਕ ਸਿੱਧੇ ਪਹੁੰਚੇ। ਈ-ਨੈਮ ਨੇ ਰਾਜਾਂ ਦੀਆਂ ਖੇਤੀਬਾੜੀ ਮੰਡੀਆਂ ਨੂੰ ਜੋੜਿਆ, ਜਿਸ ਨਾਲ ਕਿਸਾਨਾਂ ਨੂੰ ਉਨ੍ਹਾਂ ਦੀ ਉਪਜ ਦੀਆਂ ਬਿਹਤਰ ਕੀਮਤਾਂ ਮਿਲ ਸਕੀਆਂ। ਡਿਜੀਟਲ ਸੋਆਇਲ ਹੈਲਥ ਕਾਰਡਾਂ ਨੇ ਉਨ੍ਹਾਂ ਨੂੰ ਇਹ ਸਮਝਣ ਵਿੱਚ ਮਦਦ ਕੀਤੀ ਕਿ ਉਨ੍ਹਾਂ ਨੂੰ ਕਿਹੜੀਆਂ ਫ਼ਸਲਾਂ ਉਗਾਉਣੀਆਂ ਚਾਹੀਦੀਆਂ ਹਨ ਅਤੇ ਆਪਣੀ ਜ਼ਮੀਨ ਵਿੱਚ ਕਿਹੜੇ ਪੌਸ਼ਟਿਕ ਤੱਤਾਂ ਦੀ ਵਰਤੋਂ ਕਰਨੀ ਚਾਹੀਦੀ ਹੈ। ਝਾਰਖੰਡ ਦੇ ਗ੍ਰਾਮੀਣ ਖੇਤਰਾਂ ਵਿੱਚ, ਸਥਾਨਕ ਉੱਦਮੀਆਂ ਦੁਆਰਾ ਚਲਾਏ ਜਾ ਰਹੇ ਸੀਐੱਸਸੀ (ਕੌਮਨ ਸਰਵਿਸ ਸੈਂਟਰ) ਉਨ੍ਹਾਂ ਦੇ ਲਈ ਇੱਕ ਕਿਸਮ ਨਾਲ ਡਿਜੀਟਲ ਜੀਵਨ ਰੇਖਾ ਬਣ ਗਏ, ਜੋ ਟੈਲੀ-ਮੈਡੀਸਨ ਤੋਂ ਲੈ ਕੇ ਬੈਂਕਿੰਗ ਅਤੇ ਹੁਨਰ ਵਿਕਾਸ ਪ੍ਰੋਗਰਾਮਾਂ ਤੱਕ, ਹਰ ਚੀਜ਼ ਦੀ ਪੇਸ਼ਕਸ਼ ਕਰਦੇ ਹਨ।

ਮਹਾਮਾਰੀ ਭਾਰਤ ਦੇ ਡਿਜੀਟਲ ਜਨਤਕ ਬੁਨਿਆਦੀ ਢਾਂਚੇ ਲਈ ਇੱਕ ਔਖੀ ਘੜੀ ਸੀ, ਜਿਸ ਵਿੱਚ ਅਸੀਂ ਚੰਗੀ ਤਰ੍ਹਾਂ ਸਫ਼ਲ ਹੋਏ। ਸਕੂਲ ਬੰਦ ਹੋਣ ਦੇ ਬਾਵਜੂਦ, ਦੀਕਸ਼ਾ ਅਤੇ ਸਵੈਮ ਵਰਗੇ ਪਲੈਟਫਾਰਮਾਂ ਨੇ ਇਹ ਯਕੀਨੀ ਬਣਾਇਆ ਕਿ ਪੜ੍ਹਾਈ ਨਿਰਵਿਘਨ ਚਲਦੀ ਰਹੇ। ਲੱਦਾਖ ਅਤੇ ਕੇਰਲ ਦੇ ਵਿਦਿਆਰਥੀ ਵੀ ਭਾਰਤ ਭਰ ਦੇ ਅਧਿਆਪਕਾਂ ਦੁਆਰਾ ਤਿਆਰ ਕੀਤੀ ਗਈ ਸਿੱਖਿਆ ਸਮੱਗਰੀ ਦੀ ਵਰਤੋਂ ਕਰ ਸਕਦੇ ਹਨ। ਇਸ ਦੇ ਨਾਲ ਹੀ, ਆਯੁਸ਼ਮਾਨ ਭਾਰਤ ਡਿਜੀਟਲ ਮਿਸ਼ਨ ਨੇ ਆਪਣਾ ਰੂਪ ਲਿਆ, ਜਿਸ ਨਾਲ ਨਾਗਰਿਕਾਂ ਨੂੰ ਇੱਕ ਡਿਜੀਟਲ ਆਈਡੀ ਰਾਹੀਂ ਆਪਣੇ ਸਿਹਤ ਰਿਕਾਰਡ ਤੱਕ ਪਹੁੰਚ ਪ੍ਰਾਪਤ ਹੋਈ ਅਤੇ ਹਸਪਤਾਲਾਂ ਅਤੇ ਰਾਜਾਂ ਵਿੱਚ ਇੱਕ ਸਹਿਜ ਵਾਤਾਵਰਣ ਬਣ ਸਕਿਆ।

ਵਣਜ ਵਿੱਚ ਵੀ ਇੱਕ ਸ਼ਾਂਤ ਕ੍ਰਾਂਤੀ ਦੇਖੀ ਗਈ। ਡੀਪੀਆਈਆਈਟੀ ਦੀ ਇੱਕ ਪਹਿਲਕਦਮੀ, ਓਪਨ ਨੈੱਟਵਰਕ ਫਾਰ ਡਿਜੀਟਲ ਕੌਮਰਸ (ਓਐੱਨਡੀਸੀ) ਹੁਣ ਛੋਟੀਆਂ ਕਰਿਆਨਾ ਦੁਕਾਨਾਂ ਅਤੇ ਹੈਂਡਲੂਮ ਬੁਣਕਰਾਂ ਨੂੰ ਵੱਡੀਆਂ ਈ-ਕਾਮਰਸ ਕੰਪਨੀਆਂ ਨਾਲ ਮੁਕਾਬਲਾ ਕਰਨ ਦੇ ਯੋਗ ਬਣਾ ਰਹੀ ਹੈ। ਡਿਜੀਟਲ ਕੌਮਰਸ ਦੇ ਕੰਮਾਂ ਨੂੰ ਏਕੀਕ੍ਰਿਤ ਕਰਕੇ, ਓਐੱਨਡੀਸੀ ਮੁਕਾਬਲੇ ਦੇ ਮੈਦਾਨ ਨੂੰ ਪੱਧਰਾ ਕਰ ਰਿਹਾ ਹੈ, ਤਾਂ ਕਿ ਇਹ ਯਕੀਨੀ ਬਣਾਇਆ ਜਾ ਸਕੇ ਕਿ ਛੋਟੇ ਕਾਰੋਬਾਰ ਅਸਾਨੀ ਨਾਲ ਲੌਜਿਸਟਿਕਸ, ਭੁਗਤਾਨ ਅਤੇ ਗਾਹਕ ਫੀਡਬੈਕ ਪ੍ਰਣਾਲੀਆਂ ਤੱਕ ਪਹੁੰਚ ਸਕਣ। ਨੀਤੀ ਆਯੋਗ ਦੀ ਕਨਵਰਜੈਂਸ ਭੂਮਿਕਾ - ਮੰਤਰਾਲਿਆਂ, ਰਾਜਾਂ, ਸਟਾਰਟਅੱਪਸ ਅਤੇ ਉਦਯੋਗ ਜਗਤ ਨੂੰ ਇਕੱਠਾ ਕਰਨਾ ਹੈ - ਜੋ ਇਹ ਯਕੀਨੀ ਬਣਾਉਂਦਾ ਹੈ ਕਿ ਡਿਜੀਟਲ ਜਨਤਕ ਵਸਤੂਆਂ ਅੰਤਰ-ਸੰਚਾਲਿਤ, ਸਮਾਵੇਸ਼ੀ ਅਤੇ ਸਕੇਲੇਬਲ ਹੋਣ। ਜਿਵੇਂ-ਜਿਵੇਂ ਭਾਰਤ ਆਪਣੇ 5 ਟ੍ਰਿਲੀਅਨ ਡਾਲਰ ਦੀ ਅਰਥਵਿਵਸਥਾ ਦੇ ਟੀਚੇ ਵੱਲ ਵਧ ਰਿਹਾ ਹੈ, ਨਵੇਂ ਪਹਿਲੂ ਉੱਭਰ ਰਹੇ ਹਨ: ਏਆਈ-ਸਮਰੱਥ ਸ਼ਾਸਨ, ਵਿਕੇਂਦਰੀਕ੍ਰਿਤ ਵਣਜ, ਅਤੇ ਬਹੁ-ਭਾਸ਼ਾਈ, ਮੋਬਾਈਲ-ਪ੍ਰਥਮ ਡਿਜੀਟਲ ਸੇਵਾਵਾਂ ਜੋ ਦੇਸ਼ ਦੇ ਸਭ ਤੋਂ ਗ਼ਰੀਬ ਵਿਅਕਤੀ ਤੱਕ ਪਹੁੰਚ ਸਕਦੀਆਂ ਹਨ। ਪਰ ਇਹ ਸਿਰਫ਼ ਇੱਕ ਸਰਕਾਰੀ ਸਫ਼ਲਤਾ ਨਾਲ ਜੁੜੀ ਕਹਾਣੀ ਨਹੀਂ ਹੈ। ਇਹ ਇੱਕ ਰਾਸ਼ਟਰ ਦੀ ਕਹਾਣੀ ਹੈ - ਕਰੋੜਾਂ ਨਾਗਰਿਕਾਂ ਦੀ ਕਹਾਣੀ ਹੈ ਜਿਨ੍ਹਾਂ ਨੇ ਬਦਲਾਅ ਨੂੰ ਅਪਣਾਇਆ, ਉੱਦਮੀਆਂ ਦੀ ਕਹਾਣੀ ਹੈ ਜੋ ਡਿਜੀਟਲ ਰੇਲ ’ਤੇ ਅੱਗੇ ਵਧੇ, ਅਤੇ ਸਥਾਨਕ ਲੀਡਰਾਂ ਦੀ ਕਹਾਣੀ ਹੈ ਜਿਨ੍ਹਾਂ ਨੇ ਸੇਵਾ ਪ੍ਰਦਾਨ ਕਰਨ ਦੀ ਨਵੀਂ ਕਲਪਨਾ ਕੀਤੀ। ਭਾਰਤ ਦਾ ਡਿਜੀਟਲ ਦਹਾਕਾ ਸਿਰਫ਼ ਤਕਨੀਕ ਦਾ ਨਹੀਂ ਹੈ - ਇਹ ਬਦਲਾਅ ਦਾ ਦਹਾਕਾ ਵੀ ਹੈ ਅਤੇ ਇਹ ਕਹਾਣੀ ਦਾ ਹਾਲੇ ਸ਼ੁਰੂਆਤੀ ਪੜਾਅ ਹੀ ਹੈ।

**ਲੇਖਕ ਅੰਕੜਾ ਅਤੇ ਪ੍ਰੋਗਰਾਮ ਲਾਗੂ ਕਰਨ ਮੰਤਰਾਲੇ ਵਿੱਚ ਰਾਜ ਮੰਤਰੀ (ਸੁਤੰਤਰ ਚਾਰਜ) ਅਤੇ ਸੱਭਿਆਚਾਰ ਮੰਤਰਾਲੇ ਵਿੱਚ ਰਾਜ ਮੰਤਰੀ ਹਨ।**

## ਮਿਜ਼ੋਰਮ ਰੇਲ ਨਕਸ਼ੇ ’ਤੇ

# ਮਿਜ਼ੋਰਮ ਨੂੰ ਦੇਸ਼ ਨਾਲ ਜੋੜਨਾ

**ਲੇਖਕ - ਸ਼੍ਰੀ ਅਸ਼ਵਿਨੀ ਵੈਸ਼ਣਵ, ਕੇਂਦਰੀ ਰੇਲਵੇ, ਇਲੈਕਟਰੌਨਿਕਸ ਤੇ ਸੂਚਨਾ ਟੈਕਨੋਲੋਜੀ ਅਤੇ ਸੂਚਨਾ ਤੇ ਪ੍ਰਸਾਰਣ ਮੰਤਰੀ**

ਕਈ ਦਹਾਕਿਆਂ ਤੋਂ, ਉੱਤਰ ਪੂਰਬ ਇੱਕ ਦੂਰ-ਦੁਰਾਡੇ ਦੀ ਸਰਹੱਦ ਮੰਨਿਆ ਜਾਂਦਾ ਸੀ ਜੋ ਵਿਕਾਸ ਦੀ ਉਡੀਕ ਕਰ ਰਿਹਾ ਸੀ। ਉੱਤਰ-ਪੂਰਬੀ ਰਾਜਾਂ ਵਿੱਚ ਰਹਿਣ ਵਾਲੇ ਸਾਡੇ ਭੈਣ-ਭਰਾ ਤਰੱਕੀ ਦੀ ਆਸ ਰੱਖਦੇ ਸਨ, ਪਰ ਬੁਨਿਆਦੀ ਢਾਂਚਾ ਅਤੇ ਮੌਕੇ ਉਨ੍ਹਾਂ ਦੀ ਪਹੁੰਚ ਤੋਂ ਦੂਰ ਰਹੇ। ਇਹ ਸਭ ਉਦੋਂ ਬਦਲ ਗਿਆ ਜਦੋਂ ਪ੍ਰਧਾਨ ਮੰਤਰੀ, ਸ਼੍ਰੀ ਨਰੇਂਦਰ ਮੋਦੀ ਨੇ ‘ਐਕਟ ਈਸਟ’ ਨੀਤੀ ਦੀ ਸ਼ੁਰੂਆਤ ਕੀਤੀ। ਇੱਕ ਦੂਰ ਦੀ ਸਰਹੱਦ ਤੋਂ, ਉੱਤਰ -ਪੂਰਬ ਨੂੰ ਹੁਣ ਇੱਕ ਮੋਹਰੀ ਵਜੋਂ ਮਾਨਤਾ ਮਿਲੀ ਹੈ।

### ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ

ਇਹ ਤਬਦੀਲੀ ਰੇਲਵੇ, ਸੜਕਾਂ, ਹਵਾਈ ਅੱਡਿਆਂ ਅਤੇ ਡਿਜੀਟਲ ਕਨੈਕਟੀਵਿਟੀ ਵਿੱਚ ਰਿਕਾਰਡ ਨਿਵੇਸ਼ਾਂ ਰਾਹੀਂ ਸੰਭਵ ਹੋਈ ਹੈ। ਸ਼ਾਂਤੀ ਸਮਝੌਤੇ ਸਥਿਰਤਾ ਲਿਆ ਰਹੇ ਹਨ। ਲੋਕ ਸਰਕਾਰੀ ਯੋਜਨਾਵਾਂ ਤੋਂ ਲਾਭ ਲੈ ਰਹੇ ਹਨ। ਆਜ਼ਾਦੀ ਤੋਂ ਬਾਅਦ ਪਹਿਲੀ ਵਾਰ, ਉੱਤਰ ਪੂਰਬੀ ਖੇਤਰ ਨੂੰ ਭਾਰਤ ਦੀ ਵਿਕਾਸ ਗਾਥਾ ਦਾ ਕੇਂਦਰ ਮੰਨਿਆ ਜਾ ਰਿਹਾ ਹੈ। ਉਦਾਹਰਣ ਵਜੋਂ ਰੇਲਵੇ ਵਿੱਚ ਨਿਵੇਸ਼ਾਂ ਨੂੰ ਹੀ ਲੈ ਲਓ। 2009 ਤੋਂ 14 ਦੇ ਮੁਕਾਬਲੇ ਇਸ ਖੇਤਰ ਲਈ ਰੇਲਵੇ ਬਜਟ ਵੰਡ ਪੰਜ ਗੁਣਾ ਵਧੀ ਹੈ। ਇਸ ਵਿੱਤੀ ਸਾਲ ਵਿੱਚ ਹੀ, ?10,440 ਕਰੋੜ ਦਿੱਤੇ ਗਏ ਹਨ। 2014 ਤੋਂ 2025 ਤੱਕ ਕੁੱਲ ਬਜਟ ਵੰਡ ?62,477 ਕਰੋੜ ਹੈ। ਅੱਜ, ?77,000 ਕਰੋੜ ਲਾਗਤ ਦੇ ਰੇਲਵੇ ਪ੍ਰੋਜੈਕਟ ਚੱਲ ਰਹੇ ਹਨ। ਉੱਤਰ-ਪੂਰਬ ਵਿੱਚ ਪਹਿਲਾਂ ਕਦੇ ਵੀ ਇੰਨੇ ਰਿਕਾਰਡ ਪੱਧਰ ਦੇ ਨਿਵੇਸ਼ ਨਹੀਂ ਦੇਖੇ ਗਏ।

### ਮਿਜ਼ੋਰਮ ਵਿੱਚ ਪਹਿਲੀ ਰੇਲ ਲਾਈਨ

ਮਿਜ਼ੋਰਮ ਇਸ ਵਿਕਾਸ ਗਾਥਾ ਦਾ ਹਿੱਸਾ ਹੈ। ਇਹ ਸੂਬਾ ਆਪਣੇ ਸ੍ਰਮਿੱਧ ਸੱਭਿਆਚਾਰ, ਖੇਡਾਂ ਪ੍ਰਤੀ ਪਿਆਰ ਅਤੇ ਸੁੰਦਰ ਪਹਾੜੀਆਂ ਲਈ ਜਾਣਿਆ ਜਾਂਦਾ ਹੈ। ਫਿਰ ਵੀ, ਦਹਾਕਿਆਂ ਤੱਕ ਇਹ ਸੰਪਰਕ ਦੀ ਮੁੱਖ ਧਾਰਾ ਤੋਂ ਦੂਰ ਰਿਹਾ। ਸੜਕ ਅਤੇ ਹਵਾਈ ਸੰਪਰਕ ਸੀਮਿਤ ਸੀ। ਰੇਲਵੇ ਇਸ ਦੀ ਰਾਜਧਾਨੀ ਤੱਕ ਨਹੀਂ ਪਹੁੰਚਿਆ ਸੀ। ਖ਼ਾਹਿਸ਼ਾਂ ਜਿਊਂਦੀਆਂ ਸਨ, ਪਰ ਵਿਕਾਸ ਦੀਆਂ ਰਾਹਾਂ ਅਧੂਰੀਆਂ ਸਨ। ਹੁਣ ਅਜਿਹਾ ਨਹੀਂ ਹੈ।

ਹੁਣ ਹਾਲਤ ਬਦਲ ਚੁੱਕੇ ਹਨ। ਮਾਣਯੋਗ ਪ੍ਰਧਾਨ ਮੰਤਰੀ, ਸ਼੍ਰੀ ਨਰੇਂਦਰ ਮੋਦੀ ਵਲੋਂ ਕੱਲ੍ਹ ਬੈਰਾਬੀ-ਸੈਰੰਗ ਰੇਲਵੇ ਲਾਈਨ ਦਾ ਉਦਘਾਟਨ, ਮਿਜ਼ੋਰਮ ਲਈ ਇੱਕ ਇਤਿਹਾਸਕ ਮੀਲ ਪੱਥਰ ਹੈ। ?8,000 ਕਰੋੜ ਤੋਂ ਵੱਧ ਦੀ ਲਾਗਤ ਨਾਲ ਬਣਿਆ, ਇਹ 51 ਕਿਲੋਮੀਟਰ ਪ੍ਰੋਜੈਕਟ ਪਹਿਲੀ ਵਾਰ ਆਈਜ਼ੌਲ ਨੂੰ ਰਾਸ਼ਟਰੀ ਰੇਲਵੇ ਨੈੱਟਵਰਕ ਨਾਲ ਜੋੜੇਗਾ।

ਇਸ ਦੇ ਨਾਲ ਹੀ, ਪ੍ਰਧਾਨ ਮੰਤਰੀ ਸੈਰੰਗ ਤੋਂ ਦਿੱਲੀ (ਰਾਜਧਾਨੀ ਐਕਸਪ੍ਰੈੱਸ), ਕੋਲਕਾਤਾ (ਮਿਜ਼ੋਰਮ ਐਕਸਪ੍ਰੈੱਸ) ਅਤੇ ਗੁਵਾਹਾਟੀ (ਆਈਜ਼ੌਲ ਇੰਟਰਸਿਟੀ) ਤੱਕ ਤਿੰਨ ਨਵੀਆਂ ਰੇਲ ਸੇਵਾਵਾਂ ਨੂੰ ਵੀ ਹਰੀ ਝੰਡੀ ਦਿਖਾਉਣਗੇ। ਇਹ ਰੇਲ ਲਾਈਨ ਔਖੀ ਪਹੁੰਚ ਵਾਲੇ ਇਲਾਕਿਆਂ ਵਿੱਚੋਂ ਲੰਘਦੀ ਹੈ। ਰੇਲਵੇ ਇੰਜੀਨੀਅਰਾਂ ਨੇ ਮਿਜ਼ੋਰਮ ਨੂੰ ਜੋੜਨ ਲਈ 143 ਪੁਲ ਅਤੇ 45 ਸੁਰੰਗਾਂ ਬਣਾਈਆਂ ਹਨ। ਇਨ੍ਹਾਂ ਵਿੱਚੋਂ ਇੱਕ ਪੁਲ ਕੁਤੁਬ ਮੀਨਾਰ ਤੋਂ ਵੀ ਉੱਚਾ ਹੈ। ਦਰਅਸਲ, ਇਸ ਖੇਤਰ ਵਿੱਚ ਹੋਰ ਸਾਰੀਆਂ ਹਿਮਾਲੀਆਈ ਲਾਈਨਾਂ ਵਾਂਗ, ਰੇਲਵੇ ਲਾਈਨ ਨੂੰ ਅਮਲੀ ਤੌਰ ’ਤੇ ਇੱਕ ਪੁਲ ਦੇ ਰੂਪ ਵਿੱਚ ਬਣਾਇਆ ਜਾਂਦਾ ਹੈ, ਜਿਸ ਤੋਂ ਬਾਅਦ ਇੱਕ ਸੁਰੰਗ ਅਤੇ ਫਿਰ ਇੱਕ ਪੁਲ ਅਤੇ ਅੱਗੇ ਵੀ ਇਸੇ ਤਰ੍ਹਾਂ ਹੁੰਦਾ ਹੈ।

### ਹਿਮਾਲਿਆ ਸੁਰੰਗ ਨਿਰਮਾਣ ਵਿਧੀ

ਉੱਤਰ ਪੂਰਬੀ ਹਿਮਾਲਿਆ ਨਵੇਂ ਬਣੇ ਪਹਾੜ ਹਨ, ਜਿਨ੍ਹਾਂ ਦੇ ਵੱਡੇ ਹਿੱਸੇ ਨਰਮ ਮਿੱਟੀ ਅਤੇ ਜੈਵਿਕ ਸਮੱਗਰੀ ਨਾਲ ਬਣੇ ਹਨ। ਇਨ੍ਹਾਂ ਸਥਿਤੀਆਂ ਵਿੱਚ ਸੁਰੰਗਾਂ ਬਣਾਉਣ ਅਤੇ ਪੁਲ ਬਣਾਉਣ ਵਿੱਚ ਅਸਾਧਾਰਨ ਚੁਣੌਤੀਆਂ ਪੇਸ਼ ਆਈਆਂ। ਕਈ ਵਾਰੀ ਰਵਾਇਤੀ ਢੰਗ ਅਸਫਲ ਹੋ ਜਾਂਦੇ ਹਨ ਕਿਉਂਕਿ ਢਿੱਲੀ ਮਿੱਟੀ ਉਸਾਰੀ ਦੀਆਂ ਚੁਣੌਤੀਆਂ ਦਾ ਸਾਹਮਣਾ ਨਹੀਂ ਕਰ ਸਕਦੀ।

ਇਸ ਨੂੰ ਦੂਰ ਕਰਨ ਲਈ, ਸਾਡੇ ਇੰਜੀਨੀਅਰਾਂ ਨੇ ਇੱਕ ਨਵਾਂ ਅਤੇ ਵਿਲੱਖਣ ਤਰੀਕਾ ਵਿਕਸਿਤ ਕੀਤਾ, ਜਿਸ ਨੂੰ ਹੁਣ ਹਿਮਾਲੀਅਨ ਟਨਲਿੰਗ



ਮੈਥਡ ਕਿਹਾ ਜਾਂਦਾ ਹੈ। ਇਸ ਟੈਕਨੋਲੋਜੀ ਵਿੱਚ, ਮਿੱਟੀ ਨੂੰ ਪਹਿਲਾਂ ਸਥਿਰ ਕੀਤਾ ਜਾਂਦਾ ਹੈ ਅਤੇ ਫਿਰ ਸੁਰੰਗ ਬਣਾਉਣ ਅਤੇ ਨਿਰਮਾਣ ਕਰਨ ਲਈ ਠੋਸ ਬਣਾਇਆ ਜਾਂਦਾ ਹੈ। ਇਸ ਨਾਲ ਅਸੀਂ ਇਸ ਖੇਤਰ ਦੇ ਸਭ ਤੋਂ ਮੁਸ਼ਕਲ ਪ੍ਰੋਜੈਕਟਾਂ ਵਿੱਚੋਂ ਇੱਕ ਨੂੰ ਪੂਰਾ ਕਰਨ ਦੇ ਯੋਗ ਹੋਏ।

ਇੱਕ ਹੋਰ ਵੱਡੀ ਚੁਣੌਤੀ ਭੂਚਾਲ ਵਾਲੇ ਖੇਤਰ ਵਿੱਚ ਬਹੁਤ ਉਚਾਈਆਂ ’ਤੇ ਪੁਲਾਂ ਦੀ ਸਥਿਰਤਾ ਨੂੰ ਯਕੀਨੀ ਬਣਾਉਣਾ ਸੀ। ਇੱਥੇ ਵੀ, ਪੁਲਾਂ ਨੂੰ ਮਜ਼ਬੂਤ ਅਤੇ ਸੁਰੱਖਿਅਤ ਬਣਾਉਣ ਲਈ ਵਿਸ਼ੇਸ਼ ਡਿਜ਼ਾਈਨ ਅਤੇ ਉੱਨਤ ਤਕਨੀਕਾਂ ਤੈਨਾਤ ਕੀਤੀਆਂ ਗਈਆਂ ਸਨ। ਇਹ ਸਵਦੇਸੀ ਇਨੋਵੇਸ਼ਨ ਦੁਨੀਆ ਭਰ ਅਜਿਹੇ ਖੇਤਰਾਂ ਲਈ ਇੱਕ ਮਾਡਲ ਹੈ। ਹਜ਼ਾਰਾਂ ਇੰਜੀਨੀਅਰ, ਮਜ਼ਦੂਰਾਂ ਅਤੇ ਸਥਾਨਕ ਲੋਕਾਂ ਇਸ ਨੂੰ ਸੰਭਵ ਬਣਾਉਣ ਲਈ ਇਕਜੁੱਟ ਹੋਏ।

ਭਾਰਤ ਜਦੋਂ ਨਿਰਮਾਣ ਕਰਦਾ ਹੈ ਤਾਂ ਉਹ ਸਮਝਦਾਰੀ ਅਤੇ ਦੂਰਦ੍ਰਿਸ਼ਟੀ ਨਾਲ ਕਰਦਾ ਹੈ।

### ਖੇਤਰ ਨੂੰ ਲਾਭ

ਰੇਲਵੇ ਨੂੰ ਵਿਕਾਸ ਦਾ ਇੰਜਣ ਮੰਨਿਆ ਜਾਂਦਾ ਹੈ। ਇਹ ਨਵੇਂ ਬਜ਼ਾਰਾਂ ਨੂੰ ਨੇੜੇ ਲਿਆਉਂਦਾ ਹੈ ਅਤੇ ਵਪਾਰਕ ਮੌਕੇ ਸਿਰਜਦਾ ਹੈ। ਮਿਜ਼ੋਰਮ ਦੇ ਲੋਕਾਂ ਲਈ, ਨਵੀਂ ਰੇਲਵੇ ਲਾਈਨ ਰਹਿਣ-ਸਹਿਣ ਦੀਆਂ ਸਥਿਤੀਆਂ ਵਿੱਚ ਸੁਧਾਰ ਕਰੇਗੀ। ਮਿਜ਼ੋਰਮ ਵਿੱਚ ਰਾਜਧਾਨੀ ਐਕਸਪ੍ਰੈੱਸ ਦੀ ਸ਼ੁਰੂਆਤ ਨਾਲ, ਆਈਜ਼ੌਲ ਅਤੇ ਦਿੱਲੀ ਖੇਤਰ ਵਿਚਾਲੇ ਸਫ਼ਰ ਦਾ ਸਮਾਂ 8 ਘੰਟੇ ਘਟ ਜਾਵੇਗਾ। ਨਵੀਆਂ ਐਕਸਪ੍ਰੈੱਸ ਟ ?ਰੇਨਾਂ ਆਈਜ਼ੌਲ, ਕੋਲਕਾਤਾ ਅਤੇ ਗੁਵਾਹਾਟੀ ਵਿਚਾਲੇ ਸਫ਼ਰ ਨੂੰ ਵੀ ਤੇਜ਼ ਅਤੇ ਸੌਖਾ ਬਣਾ ਦੇਣਗੀਆਂ।

ਕਿਸਾਨ, ਖ਼ਾਸਕਰ ਜਿਹੜੇ ਲੋਕ ਬਾਂਸ ਦੀ ਖੇਤੀ ਅਤੇ ਬਾਗਬਾਨੀ ਵਿੱਚ ਲੱਗੇ ਹੋਏ ਹਨ, ਉਹ ਆਪਣੇ ਉਤਪਾਦਾਂ ਨੂੰ ਤੇਜ਼ੀ ਨਾਲ ਅਤੇ ਘੱਟ ਲਾਗਤ ’ਤੇ ਵੱਡੀਆਂ ਮੰਡੀਆਂ ਤੱਕ ਪਹੁੰਚਾਉਣ ਦੇ ਯੋਗ ਹੋਣਗੇ। ਅਨਾਜ ਅਤੇ ਖਾਦਾਂ ਵਰਗੀਆਂ ਜ਼ਰੂਰੀ ਵਸਤੂਆਂ ਦੀ ਆਵਾਜਾਈ ਸੌਖੀ ਹੋ ਜਾਵੇਗੀ। ਟੂਰਿਜ਼ਮ ਨੂੰ ਵੀ ਹੁਲਾਰਾ ਮਿਲੇਗਾ, ਕਿਉਂਕਿ ਮਿਜ਼ੋਰਮ ਦੀ ਕੁਦਰਤੀ ਸੁੰਦਰਤਾ ਵਧੇਰੇ ਪਹੁੰਚਯੋਗ ਬਣ ਜਾਵੇਗੀ। ਇਸ ਨਾਲ ਸਥਾਨਕ ਕਾਰੋਬਾਰਾਂ ਅਤੇ ਨੌਜਵਾਨਾਂ ਲਈ ਮੌਕੇ ਪੈਦਾ ਹੋਣਗੇ। ਇਹ ਪ੍ਰੋਜੈਕਟ ਲੋਕਾਂ ਲਈ ਸਿੱਖਿਆ, ਸਿਹਤ ਸੰਭਾਲ ਅਤੇ ਰੋਜ਼ਗਾਰ ਤੱਕ ਬਿਹਤਰ ਪਹੁੰਚ ਵੀ ਯਕੀਨੀ ਬਣਾਏਗਾ। ਮਿਜ਼ੋਰਮ ਲਈ, ਇਹ ਕਨੈਕਟੀਵਿਟੀ ਸਿਰਫ਼ ਸੁਵਿਧਾਵਾਂ ਹੀ ਨਹੀਂ ਉਸ ਤੋਂ ਕਿਤੇ ਵੱਧ ਲੈ ਕੇ ਆਵੇਗੀ।

### ਸਮੁੱਚੇ ਦੇਸ਼ ਦਾ ਵਿਕਾਸ

ਦੇਸ਼ ਭਰ ਵਿੱਚ ਰੇਲਵੇ ਰਿਕਾਰਡ ਤਬਦੀਲੀ ਨੂੰ ਦੇਖ ਰਿਹਾ ਹੈ। ਹਾਲ ਹੀ ਵਿੱਚ 100 ਤੋਂ ਵੱਧ ਅੰਮ੍ਰਿਤ ਭਾਰਤ ਸਟੇਸ਼ਨਾਂ ਦਾ ਉਦਘਾਟਨ ਕੀਤਾ ਗਿਆ ਸੀ, ਜਿਨ੍ਹਾਂ ਵਿੱਚੋਂ 1200 ਹੋਰ ਨਿਰਮਾਣ ਦੀ ਪ੍ਰਕਿਰਿਆ ਅਧੀਨ ਹਨ। ਇਹ ਸਟੇਸ਼ਨ ਯਾਤਰੀਆਂ ਨੂੰ ਆਧੁਨਿਕ ਸਹੂਲਤਾਂ ਅਤੇ ਸ਼ਹਿਰਾਂ ਨੂੰ ਵਿਕਾਸ ਦੇ ਨਵੇਂ ਕੇਂਦਰ ਪ੍ਰਦਾਨ ਕਰਨਗੇ।

150 ਤੋਂ ਵੱਧ ਉੱਚ ਰਫ਼ਤਾਰ ਵੰਦੇ ਭਾਰਤ ਟ ?ਰੇਨਾਂ ਯਾਤਰੀਆਂ ਦੀ ਸਹੂਲਤ ਵਿੱਚ ਨਵੇਂ ਮਿਆਰ ਸਥਾਪਿਤ ਕਰ ਰਹੀਆਂ ਹਨ। ਇਸ ਦੇ ਨਾਲ ਹੀ, ਲਗਭਗ ਸਮੁੱਚੇ ਨੈੱਟਵਰਕ ਦਾ ਬਿਜਲੀਕਰਣ ਇਸ ਨੂੰ ਵਾਤਾਵਰਣ ਅਨਕੂਲ ਬਣਾ ਰਿਹਾ ਹੈ।

2014 ਤੋਂ, 35,000 ਕਿਲੋਮੀਟਰ ਟ ?ਰੈਕ ਵਿਛਾਏ ਗਏ ਹਨ। ਇਹ ਅੰਕੜਾ ਪਿਛਲੇ ਛੇ ਦਹਾਕਿਆਂ ਦੀ ਕੁੱਲ ਪ੍ਰਾਪਤੀ ਨਾਲੋਂ ਵੀ ਜ਼ਿਆਦਾ ਹੈ। ਪਿਛਲੇ ਸਾਲ ਹੀ, 3,200 ਕਿਲੋਮੀਟਰ ਨਵੀਆਂ ਰੇਲਵੇ ਲਾਈਨਾਂ ਜੋੜੀਆਂ ਗਈਆਂ। ਵਿਕਾਸ ਅਤੇ ਤਬਦੀਲੀ ਦੀ ਇਹ ਗਤੀ ਉੱਤਰ ਪੂਰਬ ਵਿੱਚ ਵੀ ਦਿਖਾਈ ਦੇ ਰਹੀ ਹੈ।

### ਉੱਤਰ ਪੂਰਬ ਲਈ ਦ੍ਰਿਸ਼ਟੀਕੋਣ

ਪ੍ਰਧਾਨ ਮੰਤਰੀ ਨੇ ਕਿਹਾ, “ਸਾਡੇ ਲਈ, ਪੂਰਬ (ਈਐੱਸਟੀ) ਦਾ ਅਰਥ ਹੈ — ਸਸ਼ਕਤੀਕਰਣ, ਕਾਰਵਾਈ, ਮਜ਼ਬੂਤੀ ਅਤੇ ਤਬਦੀਲੀ।”ਇਹ ਸ਼ਬਦ ਉੱਤਰ-ਪੂਰਬ ਪ੍ਰਤੀ ਉਨ੍ਹਾਂ ਦੇ ਦ੍ਰਿਸ਼ਟੀਕੋਣ ਦੀ ਮੂਲ ਭਾਵਨਾ ਨੂੰ ਦਰਸਾਉਂਦੇ ਹਨ।

ਕਈ ਮੋਰਚਿਆਂ ’ਤੇ ਫੈਸਲਾਕੁੰਨ ਕਾਰਵਾਈ ਨੇ ਖੇਤਰ ਦੇ ਬਦਲਾਅ ਨੂੰ ਯਕੀਨੀ ਬਣਾਇਆ ਹੈ। ਅਸਾਮ ਵਿੱਚ ਟਾਟਾ ਦਾ ਸੈਮੀਕੰਡਕਟਰ ਪਲਾਂਟ, ਅਰੁਣਾਚਲ ਪ੍ਰਦੇਸ਼ ਵਿੱਚ ਟਾਟੋ ਵਰਗੇ ਪਣ ਬਿਜਲੀ ਪ੍ਰੋਜੈਕਟ ਅਤੇ ਬੋਗੀਬੀਲ ਰੇਲ-ਕਮ-ਰੋਡ ਪੁਲ ਵਰਗੇ ਪ੍ਰਤੀਕਾਤਮਕ ਬੁਨਿਆਦੀ ਢਾਂਚੇ ਵਰਗੇ ਵੱਡੇ ਪ੍ਰੋਜੈਕਟ ਖੇਤਰ ਨੂੰ ਮੁੜ ਸਰੂਪ ਦੇ ਰਹੇ ਹਨ। ਇਨ੍ਹਾਂ ਦੇ ਨਾਲ, ਗੁਵਾਹਾਟੀ ਵਿਖੇ ਏਮਜ਼ ਦੀ ਸਥਾਪਨਾ ਅਤੇ 10 ਨਵੇਂ ਗ੍ਰੀਨਫੀਲਡ ਹਵਾਈ ਅੱਡਿਆਂ ਨੇ ਸਿਹਤ ਸੰਭਾਲ ਅਤੇ ਸੰਪਰਕ ਨੂੰ ਮਜ਼ਬੂਤ ਕੀਤਾ ਹੈ।

### ਸਰਹੱਦ ਤੋਂ ਅਗਵਾਈ ਤੱਕ

ਦਹਾਕਿਆਂ ਤੋਂ, ਮਿਜ਼ੋਰਮ ਦੇ ਲੋਕਾਂ ਨੂੰ ਵਿਕਾਸ ਦੀਆਂ ਸਹੂਲਤਾਂ ਲਈ ਇੰਤਜ਼ਾਰ ਕਰਨਾ ਪਿਆ। ਇਹ ਉਡੀਕ ਹੁਣ ਖਤਮ ਹੋ ਗਈ ਹੈ। ਇਹ ਪ੍ਰੋਜੈਕਟ ਸਾਡੇ ਪ੍ਰਧਾਨ ਮੰਤਰੀ ਦੇ ਉੱਤਰ ਪੂਰਬ ਪ੍ਰਤੀ ਦ੍ਰਿਸ਼ਟੀਕੋਣ ਦਾ ਸਬੂਤ ਹਨ ਭਾਵ ਜੋ ਇੱਕ ਸਮੇਂ ਸਰਹੱਦੀ ਇਲਾਕਾ ਮੰਨਿਆ ਜਾਂਦਾ ਸੀ, ਉਸ ਦੀ ਹੁਣ ਭਾਰਤ ਦੇ ਵਿਕਾਸ ਦੇ ਮੋਹਰੀ ਵਜੋਂ ਸ਼ਲਾਘਾ ਕੀਤੀ ਜਾਣੀ ਚਾਹੀਦੀ ਹੈ।



# ਪੇਡਾ ਨੇ ਊਰਜਾ ਕੁਸ਼ਲ ਪ੍ਰੋਜੈਕਟਾਂ ਲਈ ਨਿਵੇਸ਼ ਦੇ ਮੌਕਿਆਂ ਦੀ ਪੜਚੋਲ ਲਈ ਇੱਕ ਰੋਜ਼ਾ ਕਾਨਫਰੰਸ ਕਰਵਾਈ

**ਊਰਜਾ ਕੁਸ਼ਲਤਾ ਲਈ ਨਿਵੇਸ਼ ਬਾਜ਼ਾਰ ਵਿਸ਼ੇ ‘ਤੇ ਕਰਵਾਈ ਕਾਨਫਰੰਸ ਦੌਰਾਨ ਮੁੱਖ ਭਾਈਵਾਲਾਂ ਨੇ ਇਸ ਅਹਿਮ ਖੇਤਰ ਵਿੱਚ ਨਿਵੇਸ਼ ਨੂੰ ਉਤਸ਼ਾਹਿਤ ਕਰਨ ਬਾਰੇ ਕੀਤੀ ਚਰਚਾ**

ਮਨਦੀਪ ਕੌਰ

ਚੰਡੀਗੜ੍ਹ, ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਨੇ ਅੱਜ ਪੰਜਾਬ ਦੇ ਉਦਯੋਗਾਂ ਅਤੇ ਐਮ.ਐਸ.ਐਮ.ਈਜ਼. ਵਿੱਚ ਊਰਜਾ ਕੁਸ਼ਲ ਪ੍ਰੋਜੈਕਟਾਂ ਲਈ ਨਿਵੇਸ਼ ਦੇ ਮੌਕਿਆਂ ਦੀ ਪੜਚੋਲ ਬਾਰੇ ‘ਊਰਜਾ ਕੁਸ਼ਲਤਾ ਲਈ ਨਿਵੇਸ਼ ਬਾਜ਼ਾਰ’ ਵਿਸ਼ੇ ਉੱਤੇ ਇਕ ਰੋਜ਼ਾ ਕਾਨਫਰੰਸ ਕਰਵਾਈ। ਇਸ ਸਮਾਗਮ ਦੌਰਾਨ ਇਸ ਮਹੱਤਵਪੂਰਨ ਖੇਤਰ ਵਿੱਚ ਨਿਵੇਸ਼ ਨੂੰ ਉਤਸ਼ਾਹਿਤ ਕਰਨ ਲਈ ਉਦਯੋਗਾਂ, ਵਿੱਤੀ ਸੰਸਥਾਵਾਂ, ਬੈਂਕਾਂ, ਮਨੋਨੀਤ ਖਪਤਕਾਰਾਂ, ਐਮ.ਐਸ.ਐਮ.ਈਜ਼ ਅਤੇ ਉਪਕਰਣ ਨਿਰਮਾਤਾਵਾਂ ਸਮੇਤ ਮੁੱਖ ਭਾਈਵਾਲਾਂ ਵੱਲੋਂ ਵਿਚਾਰ ਚਰਚਾ ਕੀਤੀ ਗਈ। ਇੱਥੇ ਕਿਸਾਨ ਭਵਨ ਵਿਖੇ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਪੇਡਾ ਦੇ ਮੁੱਖ ਕਾਰਜਕਾਰੀ ਅਧਿਕਾਰੀ (ਸੀ.ਈ.ਓ.) ਸ੍ਰੀਮਤੀ ਨੀਲਿਮਾ ਨੇ ਸੂਬੇ ਵਿੱਚ ਉਦਯੋਗਾਂ ਅਤੇ ਐਮ.ਐਸ.ਐਮ.ਈਜ਼ ਵਿੱਚ ਊਰਜਾ ਕੁਸ਼ਲਤਾ ਅਤੇ ਨਵੀਆਂ ਤੇ ਨਵੀਨਤਾਕਾਰੀ ਊਰਜਾ ਕੁਸ਼ਲ ਤਕਨਾਲੋਜੀਆਂ ਨੂੰ ਲਾਗੂ ਕਰਨ ਦੀ ਮਹੱਤਤਾ ’ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਉਦਯੋਗਾਂ ਅਤੇ ਐਮ.ਐਸ.ਐਮ.ਈਜ਼ ਵਿੱਚ ਨਿਵੇਸ਼ ਦੀਆਂ ਸੰਭਾਵਨਾ ’ਤੇ ਵੀ ਧਿਆਨ ਕੇਂਦਰਿਤ ਕੀਤਾ ਜਿਸ ਨਾਲ ਸੂਬਾ ਪੱਧਰ ’ਤੇ ਬੁਨਿਆਦੀ ਢਾਂਚੇ ਦਾ ਵਿਸਥਾਰ ਕੀਤਾ ਜਾ ਸਕਦਾ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਉਦਯੋਗ, ਆਵਾਜਾਈ, ਇਮਾਰਤਾਂ ਅਤੇ ਖੇਤੀਬਾੜੀ ਖੇਤਰ ਦੀ ਗਤੀਸ਼ੀਲਤਾ ’ਤੇ ਜ਼ੋਰ ਦਿੱਤਾ ਜੋ ਨਵੇਂ ਮੌਕੇ ਸਿਰਜ ਰਹੇ ਹਨ। ਉਨ੍ਹਾਂ ਨੇ ਉਦਯੋਗਾਂ ਅਤੇ ਐਮ.ਐਸ.ਐਮ.ਈਜ਼ ਵਿੱਚ ਊਰਜਾ ਕੁਸ਼ਲ ਪ੍ਰਾਜੈਕਟ ਲਾਗੂ ਕਰਨ ਲਈ ਪ੍ਰੋਜੈਕਟ ਲਾਗੂ ਕਰਨ ਵਾਲਿਆਂ ਅਤੇ ਫੰਡਿੰਗ ਏਜੰਸੀਆਂ ਦਰਮਿਆਨ ਸੰਚਾਰ ਅਤੇ ਗਿਆਨ ਦੇ ਪਾੜੇ ਨੂੰ ਪੂਰਨ ਦੀ ਲੋੜ ਬਾਰੇ ਚਾਨਣਾ ਪਾਇਆ। ਆਰਥਿਕ ਵਿਕਾਸ ਅਤੇ ਵਿੱਤੀ ਸਹਾਇਤਾ ਨੂੰ ਉਤਸ਼ਾਹਿਤ ਕਰਨ ਸਬੰਧੀ ਰਾਜ-ਵਿਆਪੀ ਊਰਜਾ ਕੁਸ਼ਲਤਾ ਪ੍ਰਾਜੈਕਟਾਂ ਵਿੱਚ ਉਦਯੋਗਾਂ ਅਤੇ ਐਮ.ਐਸ.ਐਮ.ਈਜ਼ ਦੀ ਭੂਮਿਕਾ ਨੂੰ ਉਜਾਗਰ ਕਰਦਿਆਂ, ਸ੍ਰੀਮਤੀ ਨੀਲਿਮਾ ਨੇ ਕਿਹਾ ਕਿ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਸ੍ਰੀ ਅਮਨ ਅਰੋੜਾ ਦੀ ਅਗਵਾਈ ਹੇਠ, ਸੂਬੇ ਵੱਲੋਂ ਸਾਫ਼ ਸੁਥਰੀ ਊਰਜਾ ਸਬੰਧੀ ਹੱਲਾਂ ’ਤੇ ਧਿਆਨ ਕੇਂਦ੍ਰਤ ਕਰਕੇ ਊਰਜਾ ਤਬਦੀਲੀ ਵਿੱਚ ਦੇਸ਼ ਦੀ ਅਗਵਾਈ ਕੀਤੀ ਜਾ ਰਹੀ ਹੈ ਅਤੇ ਇਸ ਕਾਨਫਰੰਸ ਦਾ ਉਦੇਸ਼ ਊਰਜਾ ਕੁਸ਼ਲਤਾ ਨੂੰ ਹੋਰ ਬਾਜ਼ਾਰ ਅਨੁਕੂਲ ਬਣਾਉਣਾ ਹੈ। ਕਾਨਫਰੰਸ ਦੌਰਾਨ, ਉਦਯੋਗਾਂ ਅਤੇ ਐਮ.ਐਸ.ਐਮ.ਈਜ਼ ਦੇ ਭਾਈਵਾਲਾਂ ਵੱਲੋਂ ਵਿਆਪਕ ਪੱਧਰ ‘ਤੇ ਅਪਣਾਏ ਜਾਣ ਲਈ ਸਫਲ ਊਰਜਾ ਕੁਸ਼ਲ ਪ੍ਰੋਜੈਕਟ ਵੀ ਪੇਸ਼ ਕੀਤੇ ਗਏ।

ਭਾਰਤ ਸਰਕਾਰ ਦੇ ਬਿਜਲੀ ਮੰਤਰਾਲੇ ਦੇ ਬਿਊਰੋ ਆਫ਼ ਐਨਰਜੀ ਐਫੀਸ਼ੀਐਂਸੀ (ਬੀ.ਈ.ਈ.) ਦੇ ਡਾਇਰੈਕਟਰ ਸ੍ਰੀ ਸ਼ਿਆਮ ਸੁੰਦਰ ਨੇ ਊਰਜਾ ਕੁਸ਼ਲਤਾ ਦੀ ਮਹੱਤਤਾ ’ਤੇ ਜ਼ੋਰ ਦਿੱਤਾ ਅਤੇ ਬੀ.ਈ.ਈ. ਵੱਲੋਂ ਉਦਯੋਗਾਂ ਲਈ ਪੇਸ਼ ਕੀਤੀਆਂ ਜਾ ਰਹੀਆਂ ਵੱਖ-ਵੱਖ ਯੋਜਨਾਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ, ਜਿਸ ਵਿੱਚ ਏ.ਡੀ.ਈ.ਈ.ਟੀ.ਆਈ.ਈ. (ਉਦਯੋਗਾਂ ਅਤੇ ਸੰਸਥਾਵਾਂ ਵਿੱਚ ਊਰਜਾ ਕੁਸ਼ਲ ਤਕਨਾਲੋਜੀਆਂ ਲਾਗੂ ਕਰਨ ਸਬੰਧੀ ਸਹਾਇਤਾ) ਯੋਜਨਾ ’ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ।